ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 14 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੩੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## 'ਮਿਡਲ ਈਸਟ ਤੋਂ ਆਈ ਚੰਗੀ ਖ਼ਬਰ'

# 24 ਘੰਟਿਆਂ 'ਚ ਖ਼ਤਮ ਹੋ ਜਾਏਗੀ ਜੰਗ !

**ਵਾਸ਼ਿੰਗਟਨ/ਤਹਿਰਾਨ, 13 ਜੂਨ (ਆਵਾਜ਼ਿ ਕੌਮ ਬਿਊਰੋ)**-ਮਿਡਲ ਈਸਟ 'ਚ ਅਮਰੀਕਾ-ਇਰਾਨ ਵਿਚਾਲੇ ਕਈ ਦਿਨਾਂ ਦੀ ਸ਼ਾਂਤੀ ਮਗਰੋਂ ਮੁੜ ਪੈਦਾ ਹੋਏ ਤਣਾਅ ਕਾਰਨ ਦੋਵਾਂ ਧਿਰਾਂ ਵੱਲੋਂ ਰੁਕ-ਰੁਕ ਕੇ ਕੀਤੇ ਜਾ ਰਹੇ ਹਮਲਿਆਂ ਵਿਚਾਲੇ ਵੱਡੀ ਖ਼ਬਰ ਸਾਹਮਣੇ ਆਈ ਹੈ। ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ਼ ਨੇ ਐਕਸ 'ਤੇ ਇਕ ਪੋਸਟ ਸਾਂਝੀ ਕਰਦੇ ਹੋਏ ਦੱਸਿਆ ਹੈ ਕਿ ਅਮਰੀਕਾ-ਇਰਾਨ ਵਿਚਾਲੇ ਸ਼ਾਂਤੀ ਸਮਝੌਤਾ ਬਸ ਨੇਪਰੇ ਚੜ੍ਹਨ ਹੀ ਵਾਲਾ ਹੈ। ਸ਼ਰੀਫ਼ ਨੇ ਆਪਣੀ ਪੋਸਟ 'ਚ ਲਿਖਿਆ, "ਅਸੀਂ ਪਹਿਲੀ ਵਾਰ ਸ਼ਾਂਤੀ ਸਮਝੌਤੇ ਦੇ ਇੰਨਾ ਨੇੜੇ ਪਹੁੰਚੇ ਹਾਂ। ਇਸ ਦਾ ਐਲਾਨ ਅਗਲੇ 24 ਘੰਟਿਆਂ ਦੇ ਅੰਦਰ-ਅੰਦਰ ਹੋ ਸਕਦਾ ਹੈ। ਇਸ ਤੋਂ ਬਾਅਦ ਅਸੀਂ ਦੋਵਾਂ ਧਿਰਾਂ ਵਿਚਾਲੇ ਅਗਲੇ ਹਫ਼ਤੇ ਤਕਨੀਕੀ ਗੱਲਬਾਤ ਦੀ ਤਿਆਰੀ ਕਰਾਂਗੇ।" ਉਨ੍ਹਾਂ ਅੱਗੇ ਲਿਖਿਆ, "




ਇਸ ਗੱਲਬਾਤ ਦੌਰਾਨ ਅਸੀਂ ਅਮਰੀਕਾ ਤੇ ਇਰਾਨ ਦੀ ਵਚਨਬੱਧਤਾ ਲਈ ਦੋਵਾਂ ਦੇਸ਼ਾਂ ਦਾ ਧੰਨਵਾਦ ਕਰਦੇ ਹਾਂ ਤੇ ਦੋਵਾਂ ਦੀ ਇਲਾਕੇ 'ਚ ਸ਼ਾਂਤੀ ਬਣਾਏ ਰੱਖਣ ਲਈ ਸ਼ਲਾਘਾ ਕਰਦੇ ਹਾਂ। ਸਾਨੂੰ ਇਸ ਗੱਲ ਦਾ ਯਕੀਨ ਹੈ ਕਿ ਇਹ ਇਤਿਹਾਸਤ ਸ਼ਾਂਤੀ ਸਮਝੌਤਾ ਦੋਵਾਂ ਧਿਰਾਂ ਵਿਚਾਲੇ ਲੰਬੀ ਸ਼ਾਂਤੀ ਦੀ ਨੀਂਹ ਰੱਖੇਗਾ।" ਜ਼ਿਕਰਯੋਗ ਹੈ ਕਿ ਫਰਵਰੀ 2026 ਦੇ ਅੰਤ 'ਚ ਅਮਰੀਕਾ-ਇਜ਼ਰਾਈਲ ਵੱਲੋਂ ਇਰਾਨ 'ਤੇ ਕੀਤੇ ਗਏ ਹਮਲੇ 'ਚ ਇਰਾਨੀ ਸੁਪਰੀਮ ਲੀਡਰ ਆਯਾਤੁੱਲਾ ਖਾਮੇਨੇਈ ਸਣੇ ਕਈ ਸੀਨੀਅਰ ਅਧਿਕਾਰੀਆਂ ਦੇ ਮਾਰੇ ਜਾਣ ਮਗਰੋਂ ਇਰਾਨ ਨੇ ਵੀ ਵੱਡੀ ਜਵਾਬੀ ਕਾਰਵਾਈ ਕੀਤੀ ਸੀ, ਜਿਸ ਮਗਰੋਂ ਇਹ ਜੰਗ ਪੂਰੇ ਮਿਡਲ ਈਸਟ 'ਚ ਫੈਲ ਗਈ ਸੀ। ਇਸ ਤੋਂ ਬਾਅਦ ਰੁਕ-ਰੁਕ ਕੇ ਦੋਵਾਂ ਪਾਸਿਓਂ ਹਮਲੇ ਹੁੰਦੇ ਰਹੇ ਤੇ ਤੇਲ-ਗੈਸ ਦੀ ਸਪਲਾਈ 'ਚ ਰੁਕਾਵਟ ਮਗਰੋਂ ਪੂਰੀ ਦੁਨੀਆ 'ਚ ਹੀ ਊਰਜਾ ਸੰਕਟ ਛਾ ਗਿਆ। ਹਾਲਾਂਕਿ ਪਾਕਿਸਤਾਨੀ ਪ੍ਰਧਾਨ ਮੰਤਰੀ ਦੇ ਇਸ ਐਲਾਨ ਮਗਰੋਂ ਉਮੀਦ ਹੈ ਕਿ ਹਾਲਾਤ ਪਹਿਲਾਂ ਵਾਂਗ ਆਮ ਹੋ ਜਾਣਗੇ।




## ਲੈਫਟੀਨੈਂਟ ਜਨਰਲ ਧੀਰਜ ਸੇਠ ਹੋਣਗੇ ਨਵੇਂ ਭਾਰਤੀ ਫੌਜ ਮੁਖੀ

**ਨਵੀਂ ਦਿੱਲੀ, 13 ਜੂਨ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਨੇ ਇੱਕ ਵੱਡਾ ਫੈਸਲਾ ਲੈਂਦਿਆਂ ਲੈਫਟੀਨੈਂਟ ਜਨਰਲ ਧੀਰਜ ਸੇਠ ਨੂੰ ਭਾਰਤੀ ਫੌਜ (ਥਲ ਸੈਨਾ) ਦਾ ਅਗਲਾ ਮੁਖੀ ਨਿਯੁਕਤ ਕੀਤਾ ਹੈ। ਲੈਫਟੀਨੈਂਟ ਜਨਰਲ ਸੇਠ ਮੌਜੂਦਾ ਸਮੇਂ ਫੌਜ ਦੇ ਉਪ-ਮੁਖੀ (ਵਾਈਸ ਚੀਫ਼) ਵਜੋਂ ਸੇਵਾਵਾਂ ਨਿਭਾਅ ਰਹੇ ਹਨ। ਉਹ ਆਉਂਦੀ 30 ਜੂਨ ਨੂੰ ਮੌਜੂਦਾ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ (ਪੀ.ਵੀ.ਐੱਸ.ਐੱਮ., ਏ.ਵੀ.ਐੱਸ.ਐੱਮ.) ਦੇ ਸੇਵਾਮੁਕਤ ਹੋਣ ਤੋਂ ਬਾਅਦ ਆਪਣਾ ਨਵਾਂ ਅਹੁਦਾ ਸੰਭਾਲਣਗੇ। ਭਾਰਤੀ ਫੌਜ ਦੇ ਇਤਿਹਾਸ ਵਿੱਚ ਪਿਛਲੇ ਦੋ ਦਹਾਕਿਆਂ ਤੋਂ ਵੱਧ ਸਮੇਂ ਵਿੱਚ ਇਹ ਪਹਿਲਾ ਮੌਕਾ ਹੈ ਜਦੋਂ 'ਆਰਮਰਡ ਕੋਰ' (ਬਖਤਰਬੰਦ ਰੈਜੀਮੈਂਟ) ਦੇ ਕਿਸੇ ਅਧਿਕਾਰੀ ਨੂੰ ਫੌਜ ਮੁਖੀ ਦੀ ਕਮਾਨ ਸੌਂਪੀ ਗਈ ਹੈ। ਲੈਫਟੀਨੈਂਟ ਜਨਰਲ ਧੀਰਜ ਸੇਠ ਦਸੰਬਰ 1986 ਵਿੱਚ ਭਾਰਤੀ ਫੌਜ ਦੀ ਆਰਮਰਡ ਕੋਰ ਵਿੱਚ ਕਮਿਸ਼ਨਡ ਹੋਏ ਸਨ। ਉਨ੍ਹਾਂ ਕੋਲ ਫੌਜੀ ਮੁਹਿੰਮਾਂ, ਰਣਨੀਤੀ, ਸਮਰੱਥਾ ਵਿਕਾਸ ਅਤੇ ਸੰਸਥਾਗਤ ਖੇਤਰਾਂ ਦਾ ਇੱਕ ਬਹੁਤ ਹੀ ਲੰਮਾ ਅਤੇ ਵਿਆਪਕ ਤਜਰਬਾ ਹੈ। ਉਨ੍ਹਾਂ ਨੇ ਭਾਰਤੀ ਫੌਜ ਦੀ ਲੜਾਕੂ ਸਮਰੱਥਾ ਨੂੰ ਵਧਾਉਣ ਅਤੇ ਇਸ ਦੇ ਲੰਬੇ ਸਮੇਂ ਦੇ ਪਰਿਵਰਤਨ (ਟਰਾਂਸਫਾਰਮੇਸ਼ਨ) ਵਿੱਚ ਬੇਹੱਦ ਅਹਿਮ ਯੋਗਦਾਨ ਪਾਇਆ ਹੈ।



## ਉੱਤਰਾਖੰਡ ਹਾਈਕੋਰਟ ਦਾ ਵੱਡਾ ਫੈਸਲਾ; ਪਾਕਿਸਤਾਨ ਸਿੱਖ ਪਰਿਵਾਰ ਨੂੰ ਡਿਪੋਰਟ ਕਰਨ 'ਤੇ ਲੱਗੀ ਰੋਕ

**ਦੇਹਰਾਦੂਨ, 13 ਜੂਨ (ਆਵਾਜ਼ਿ ਕੌਮ ਬਿਊਰੋ)**-ਉਤਰਾਖੰਡ ਹਾਈ ਕੋਰਟ ਨੇ 2019 ਤੋਂ ਲੰਬੇ ਸਮੇਂ ਦੇ ਵੀਜ਼ੇ 'ਤੇ ਦੇਹਰਾਦੂਨ ਦੇ ਵਸੰਤ ਵਿਹਾਰ ਵਿੱਚ ਰਹਿ ਰਹੇ ਇੱਕ ਪਾਕਿਸਤਾਨੀ ਸਿੱਖ ਪਰਿਵਾਰ ਨੂੰ 24 ਘੰਟਿਆਂ ਦੇ ਅੰਦਰ ਦੇਸ਼ ਛੱਡਣ ਦੇ ਸਰਕਾਰ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਕੀਤੀ। ਸੀਨੀਅਰ ਜੱਜ ਜਸਟਿਸ ਮਨੋਜ ਕੁਮਾਰ ਤਿਵਾੜੀ ਦੀ ਸਿੰਗਲ ਬੈਂਚ ਨੇ ਰਾਜ ਸਰਕਾਰ ਨੂੰ ਕਿਹਾ ਕਿ ਜੇਕਰ ਸਿੱਖ ਪਰਿਵਾਰ ਦੇਸ਼ ਲਈ ਖ਼ਤਰਾ ਪੈਦਾ ਕਰਦਾ ਹੈ, ਤਾਂ ਉਨ੍ਹਾਂ ਨੂੰ ਉਨ੍ਹਾਂ ਦੇ ਵਤਨ, ਪਾਕਿਸਤਾਨ ਵਾਪਸ ਭੇਜਿਆ ਜਾ ਸਕਦਾ ਹੈ। ਜੇਕਰ ਨਹੀਂ, ਤਾਂ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਫੈਸਲਾ ਲੈਣਾ ਚਾਹੀਦਾ ਹੈ ਅਤੇ ਸੋਮਵਾਰ ਤੱਕ ਅਦਾਲਤ ਵਿੱਚ ਆਪਣਾ ਜਵਾਬ ਜਮ੍ਹਾਂ ਕਰਵਾਉਣਾ ਚਾਹੀਦਾ ਹੈ। ਮਾਮਲੇ ਦੀ ਅਗਲੀ ਸੁਣਵਾਈ ਸੋਮਵਾਰ, 15 ਜੂਨ ਨੂੰ ਹੋਣੀ ਤੈਅ ਹੈ।



ਪਾਕਿਸਤਾਨ ਦੇ ਖੈਬਰ ਪਖਤੂਨਖਵਾ ਦਾ ਰਹਿਣ ਵਾਲਾ ਮਨਜੀਤ 2019 ਵਿੱਚ ਆਪਣੇ ਪਰਿਵਾਰ ਨਾਲ ਲੰਬੇ ਸਮੇਂ ਦੇ ਵੀਜ਼ੇ 'ਤੇ ਭਾਰਤ ਆਇਆ ਸੀ। ਉਨ੍ਹਾਂ ਨੇ ਆਪਣਾ ਵੀਜ਼ਾ 2024 ਅਤੇ ਦਸੰਬਰ 2026 ਤੱਕ ਵਧਾ ਦਿੱਤਾ। 31 ਮਈ ਨੂੰ, ਰਾਜ ਸਰਕਾਰ ਨੇ ਉਸਨੂੰ 24 ਘੰਟੇ ਦਾ ਨੋਟਿਸ ਜਾਰੀ ਕੀਤਾ, ਜਿਸ ਵਿੱਚ ਉਸਨੂੰ ਦੇਸ਼ ਛੱਡਣ ਲਈ ਕਿਹਾ ਗਿਆ। ਉਸਨੂੰ ਇਹ ਨੋਟਿਸ 2 ਜੂਨ ਨੂੰ ਮਿਲਿਆ, ਜਿਸਨੂੰ ਉਸਨੇ ਇੱਕ ਪਟੀਸ਼ਨ ਰਾਹੀਂ ਚੁਣੌਤੀ ਦਿੱਤੀ। ਪਟੀਸ਼ਨ ਵਿੱਚ ਕਿਹਾ ਗਿਆ ਸੀ ਕਿ ਉਸਦਾ ਵੀਜ਼ਾ ਅਜੇ ਖਤਮ ਨਹੀਂ ਹੋਇਆ ਸੀ ਅਤੇ ਉਸਦੇ ਤਿੰਨ ਬੱਚੇ ਹਨ। ਉਸਦੀ ਵੱਡੀ ਧੀ ਬੀ.ਟੈਕ ਦੀ ਡਿਗਰੀ ਕਰ ਰਹੀ ਹੈ ਅਤੇ ਦੂਜੀ ਬੀ.ਡੀ.ਐਸ. ਦੀ ਡਿਗਰੀ ਕਰ ਰਹੀ ਹੈ। ਇਸ ਲਈ ਉਸਦਾ ਛੋਟਾ ਪੁੱਤਰ ਆਪਣੇ ਵੀਜ਼ੇ ਦੀ ਮਿਆਦ ਲਈ ਭਾਰਤ ਵਿੱਚ ਰਹਿਣ ਦਾ ਹੱਕਦਾਰ ਹੈ। ਸੁਣਵਾਈ ਦੌਰਾਨ, ਸਰਕਾਰ ਨੇ ਕਿਹਾ ਕਿ ਆਈ.ਟੀ.ਬੀ.ਪੀ. ਹੈੱਡਕੁਆਰਟਰ ਉਹ ਥਾਂ ਹੈ ਜਿੱਥੇ ਮਨਜੀਤ ਦਾ ਪਰਿਵਾਰ ਰਹਿੰਦਾ ਹੈ। ਇਹ ਰਾਸ਼ਟਰੀ ਸੁਰੱਖਿਆ ਲਈ ਖ਼ਤਰਾ ਪੈਦਾ ਕਰ ਸਕਦਾ ਹੈ, ਅਤੇ ਉਸਨੂੰ ਪਾਕਿਸਤਾਨ ਵਾਪਸ ਭੇਜ ਦਿੱਤਾ ਜਾਣਾ ਚਾਹੀਦਾ ਹੈ।

## ਅਕਾਲੀ ਆਗੂ ਬੰਟੀ ਰੋਮਾਣਾ ਨੇ ਕੈਨੇਡਾ ਦੌਰੇ ਨੂੰ ਲੈ ਕੇ ਦਿੱਤਾ ਵੱਡਾ ਬਿਆਨ

**ਚੰਡੀਗੜ੍ਹ, 13 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪਰਮਬੰਸ ਸਿੰਘ ਬੰਟੀ ਰੋਮਾਣਾ ਨੇ ਇੱਥੇ ਇਕ ਅਹਿਮ ਪ੍ਰੈੱਸ ਕਾਨਫਰੰਸ ਕੀਤੀ। ਉਨ੍ਹਾਂ ਨੇ ਕੈਨੇਡਾ ਦੌਰੇ ਨੂੰ ਲੈ ਕੇ ਉਨ੍ਹਾਂ ਖ਼ਿਲਾਫ਼ ਝੂਠੀਆਂ ਅਫ਼ਵਾਹਾਂ ਫੈਲਾਉਣ ਵਾਲਿਆਂ ਨੂੰ ਵੱਡੀ ਚਿਤਾਵਨੀ ਦਿੱਤੀ ਹੈ। ਬੰਟੀ ਰੋਮਾਣਾ ਨੇ ਕਿਹਾ ਕਿ ਕੈਨੇਡਾ 'ਚ 11 ਜੂਨ ਨੂੰ 8.55 ਵਜੇ ਸਵੇਰੇ ਉਨ੍ਹਾਂ ਦੀ ਫਲਾਈਟ ਲੈਂਡ ਕਰਨੀ ਸੀ ਪਰ ਆਬੂ-ਧਾਬੀ ਲੇਟ ਹੋਣ ਕਾਰਨ ਅਸੀਂ ਉੱਥੇ ਸਵੇਰੇ 10 ਵਜੇ ਲੈਂਡ ਕੀਤਾ ਅਤੇ ਇਮੀਗ੍ਰੇਸ਼ਨ ਕੋਲ ਪੁੱਜ ਗਏ। ਇਸ ਦੌਰਾਨ ਮੇਰੇ ਖ਼ਿਲਾਫ਼ ਇਕ ਸ਼ਿਕਾਇਤ ਪਹਿਲਾਂ ਹੀ ਉਨ੍ਹਾਂ ਕੋਲ ਮੌਜੂਦ ਸੀ ਅਤੇ ਇਹ ਸ਼ਿਕਾਇਤ ਮਨੀਲਾ ਤੋਂ ਕੀਤੀ ਗਈ ਸੀ। ਇਮੀਗ੍ਰੇਸ਼ਨ ਅਧਿਕਾਰੀਆਂ ਨੇ ਉਨ੍ਹਾਂ ਨੂੰ ਕੈਨੇਡਾ ਦੌਰੇ ਦਾ ਕਾਰਨ ਪੁੱਛਿਆ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕੈਨੇਡਾ 'ਚ ਕਿਸੇ ਵੀ ਤਰ੍ਹਾਂ ਦਾ ਸਿਆਸੀ ਪ੍ਰੋਗਰਾਮ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਬੰਟੀ ਰੋਮਾਣਾ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਮੇਰੇ ਲਈ ਪਹਿਲਾਂ ਹੀ ਉੱਥੇ ਪ੍ਰੋਗਰਾਮ ਰੱਖੇ ਹਨ, ਉਹ ਉਨ੍ਹਾਂ ਨੂੰ ਕੈਂਸਲ ਨਹੀਂ ਕਰ ਸਕਦੇ। ਇਸ ਦੀ ਬਜਾਏ ਉਹ ਵਾਪਸ ਜਾਣਾ ਪਸੰਦ ਕਰਨਗੇ ਤਾਂ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਕਿਹਾ ਕਿ ਜੇਕਰ ਤੁਸੀਂ ਆਪਣੀ ਮਰਜ਼ੀ ਨਾਲ ਵਾਪਸ ਜਾਣਾ ਚਾਹੁੰਦੇ ਹੋ ਤਾਂ ਇਹ ਤੁਹਾਡੀ ਇੱਛਾ ਹੈ। ਬੰਟੀ ਰੋਮਾਣਾ ਨੇ ਦੋਸ਼ ਲਾਇਆ ਕਿ ਪੰਜਾਬ 'ਚ ਇਹ ਝੂਠੀਆਂ ਖ਼ਬਰਾਂ ਚਲਾਇਆ ਗਿਆ ਕਿ ਬੰਟੀ ਰੋਮਾਣਾ ਸ਼ਰਾਬ ਦੇ ਨਸ਼ੇ 'ਚ ਕੈਨੇਡਾ ਗਿਆ ਸੀ। ਸਿਰਫ ਇੰਨਾ ਹੀ ਨਹੀਂ, ਇਹ ਵੀ ਕਿਹਾ ਗਿਆ ਕਿ ਮੈਂ ਡਰੱਗ ਟੈਸਟ ਦੇਣ ਤੋਂ ਇਨਕਾਰ ਕਰ ਦਿੱਤਾ, ਜਿਸ ਕਾਰਨ ਮੈਨੂੰ ਵਾਪਸ ਜਹਾਜ਼ 'ਚ ਚੜ੍ਹਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਮੈਂ ਆਪਣੀ ਸਾਰੀ ਜ਼ਿੰਦਗੀ 'ਚ ਕਦੇ ਅੱਜ ਤੱਕ ਡਰਿੰਕ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਕਈ ਲੋਕ ਟੀ. ਵੀ 'ਤੇ ਜੋ ਕੁੱਝ ਚੱਲਦਾ ਹੈ, ਉਸ ਨੂੰ ਸੱਚ ਮੰਨ ਲੈਂਦੇ ਹਨ ਪਰ ਅਸੀਂ ਵੀ ਆਪਣੇ ਪਰਿਵਾਰ ਨੂੰ ਜਵਾਬ ਦੇਣਾ ਹੁੰਦਾ ਹੈ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਮੇਰੇ ਖ਼ਿਲਾਫ਼ ਅਜਿਹਾ ਗਲਤ ਚਲਾਉਣ ਵਾਲਿਆਂ ਖ਼ਿਲਾਫ਼ ਮੈਂ ਕਾਨੂੰਨੀ ਲੜਾਈ ਲੜਾਂਗਾ। ਉਨ੍ਹਾਂ ਕਿਹਾ ਕਿ ਮਨੀਲਾ ਵਾਲੇ ਜਿਹੜੇ ਵਿਅਕਤੀ ਨੇ ਉਨ੍ਹਾਂ ਖ਼ਿਲਾਫ਼ ਸ਼ਿਕਾਇਤ ਕੀਤੀ ਹੈ, ਉਹ ਉਸ ਨੂੰ ਵੀ ਲੱਭਣਗੇ।



## ਅੰਮ੍ਰਿਤਸਰ ਏਅਰਪੋਰਟ ਨੇ 12 ਸਾਲਾਂ ਵਿੱਚ ਰਚਿਆ ਵਿਕਾਸ ਦਾ ਨਵਾਂ ਇਤਿਹਾਸ, ਯਾਤਰੀਆਂ ਦੀ ਗਿਣਤੀ 35 ਲੱਖ ਤੋਂ ਪਾਰ

**ਅੰਮ੍ਰਿਤਸਰ, 13 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ ਪਿਛਲੇ 12 ਸਾਲਾਂ ਦੌਰਾਨ ਵਿਕਾਸ ਅਤੇ ਆਧੁਨਿਕੀਕਰਨ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਦਾ ਹੋਇਆ ਉੱਤਰੀ ਭਾਰਤ ਦੇ ਇੱਕ ਅਹਿਮ ਏਵੀਏਸ਼ਨ ਹੱਬ ਵਜੋਂ ਉਭਰਿਆ ਹੈ। ਭਾਰਤੀ ਹਵਾਈ ਅੱਡਾ ਅਥਾਰਟੀ (AAI) ਵੱਲੋਂ ਜਾਰੀ ਕੀਤੀ ਗਈ ਜਾਣਕਾਰੀ ਮੁਤਾਬਕ ਸਾਲ 2013-14 ਵਿੱਚ ਜਿੱਥੇ ਹਵਾਈ ਅੱਡੇ ਰਾਹੀਂ 10.34 ਲੱਖ ਯਾਤਰੀਆਂ ਨੇ ਸਫ਼ਰ ਕੀਤਾ ਸੀ, ਉੱਥੇ 2024-25 ਵਿੱਚ ਇਹ ਗਿਣਤੀ ਵੱਧ ਕੇ 35.25 ਲੱਖ ਤੱਕ ਪਹੁੰਚ ਗਈ ਹੈ। ਇਸੇ ਤਰ੍ਹਾਂ ਜਹਾਜ਼ਾਂ ਦੀ ਆਵਾਜਾਈ ਵੀ 10,487 ਤੋਂ ਵਧ ਕੇ 23,261 ਹੋ ਗਈ ਹੈ। ਏਅਰਪੋਰਟ ਡਾਇਰੈਕਟਰ ਭੁਪਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਵਾਈ ਅੱਡੇ ਦੇ ਬੁਨਿਆਦੀ ਢਾਂਚੇ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ। ਸਾਲ 2017 ਵਿੱਚ ਰਨਵੇ ਨੂੰ CAT-III ਤਕਨੀਕ ਨਾਲ ਅਪਗ੍ਰੇਡ ਕੀਤਾ ਗਿਆ, ਜਿਸ ਨਾਲ ਘੱਟ ਦਿੱਖ ਵਾਲੇ ਮੌਸਮ ਵਿੱਚ ਵੀ ਜਹਾਜ਼ਾਂ ਦੀ ਆਵਾਜਾਈ ਸੰਭਵ ਹੋ ਸਕੀ। ਤਾਜ਼ਾ ਖ਼ਬਰਾਂ ਇਸ ਤੋਂ ਇਲਾਵਾ 2022 ਵਿੱਚ ਏਪਰਨ ਦਾ ਵਿਸਥਾਰ ਕਰਕੇ ਪਾਰਕਿੰਗ ਬੇਅਜ਼ ਦੀ ਗਿਣਤੀ 15 ਤੋਂ ਵਧਾ ਕੇ 25 ਕਰ ਦਿੱਤੀ ਗਈ। ਕਾਰ ਪਾਰਕਿੰਗ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਡਾਇਰੈਕਟਰ ਨੇ ਕਿਹਾ ਕਿ ਟਰਮੀਨਲ ਦੇ ਸਾਹਮਣੇ ਵਾਲਾ ਖੇਤਰ ਪਾਰਕਿੰਗ ਨਹੀਂ ਸਗੋਂ ਸਿਰਫ਼ ਪਿਕ ਐਂਡ ਡਰਾਪ ਲੇਨ ਹੈ। ਉਨ੍ਹਾਂ ਦੱਸਿਆ ਕਿ ਉੱਥੇ 8 ਮਿੰਟ ਤੋਂ ਵੱਧ ਸਮਾਂ ਵਾਹਨ ਖੜ੍ਹਾ ਕਰਨ ਦੀ ਆਗਿਆ ਨਹੀਂ ਹੈ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ 'ਤੇ 500 ਰੁਪਏ ਦਾ ਜੁਰਮਾਨਾ ਲਗਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਯਾਤਰੀਆਂ ਦੀ ਸਹੂਲਤ ਲਈ ਨਵਾਂ ਲੇਨਿੰਗ ਸਿਸਟਮ ਵੀ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨਾਲ ਟਰੈਫਿਕ ਹੋਰ ਸੁਚਾਰੂ ਹੋਵੇਗੀ। ਏਅਰਪੋਰਟ ਡਾਇਰੈਕਟਰ ਨੇ ਕਿਹਾ ਕਿ ਅੰਮ੍ਰਿਤਸਰ ਹਵਾਈ ਅੱਡਾ ਇਸ ਵੇਲੇ 9 ਘਰੇਲੂ ਅਤੇ 8 ਅੰਤਰਰਾਸ਼ਟਰੀ ਉਡਾਣਾਂ ਰਾਹੀਂ ਦੇਸ਼ ਅਤੇ ਵਿਦੇਸ਼ ਨਾਲ ਸਿੱਧੀ ਕਨੈਕਟੀਵਿਟੀ ਪ੍ਰਦਾਨ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹਵਾਈ ਅੱਡੇ ਕੋਲ 3658 ਮੀਟਰ ਲੰਬਾ ਰਨਵੇ, 25 ਪਾਰਕਿੰਗ ਬੇਅਜ਼ ਅਤੇ ਪ੍ਰਤੀ ਘੰਟਾ 14 ਜਹਾਜ਼ਾਂ ਦੀ ਆਵਾਜਾਈ ਸੰਭਾਲਣ ਦੀ ਸਮਰੱਥਾ ਮੌਜੂਦ ਹੈ। ਉਨ੍ਹਾਂ ਦੇ ਅਨੁਸਾਰ ਇਨਫਰਾਸਟਰੱਕਚਰ ਪੱਖੋਂ ਕੋਈ ਕਮੀ ਨਹੀਂ ਹੈ, ਪਰ ਇਸ ਸਮੇਂ ਏਅਰਲਾਈਨ ਕੰਪਨੀਆਂ ਕੋਲ ਜਹਾਜ਼ਾਂ ਦੀ ਘਾਟ ਕਾਰਨ ਨਵੀਆਂ ਉਡਾਣਾਂ ਸ਼ੁਰੂ ਕਰਨ ਵਿੱਚ ਰੁਕਾਵਟ ਆ ਰਹੀ ਹੈ। ਨਾਂਦੇੜ ਸਾਹਿਬ ਅਤੇ ਪਟਨਾ ਸਾਹਿਬ ਲਈ ਸਿੱਧੀਆਂ ਉਡਾਣਾਂ ਸਬੰਧੀ ਪੁੱਛੇ ਗਏ ਸਵਾਲ 'ਤੇ ਭੁਪਿੰਦਰ ਸਿੰਘ ਨੇ ਕਿਹਾ ਕਿ ਇਸ ਸਬੰਧੀ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਇਹ ਵੀ ਖੁਲਾਸਾ ਕੀਤਾ ਕਿ ਅਕਾਸਾ ਏਅਰ ਨਾਲ ਅੰਮ੍ਰਿਤਸਰ ਤੋਂ ਜੇਵਰ ਏਅਰਪੋਰਟ (ਨੋਇਡਾ) ਲਈ ਕਨੈਕਟੀਵਿਟੀ ਸਬੰਧੀ ਗੱਲਬਾਤ ਚੱਲ ਰਹੀ ਹੈ। ਇਮੀਗ੍ਰੇਸ਼ਨ ਕਾਊਂਟਰਾਂ 'ਤੇ ਭੀੜ ਅਤੇ ਉਡੀਕ ਦੇ ਮਾਮਲਿਆਂ ਬਾਰੇ ਉਨ੍ਹਾਂ ਕਿਹਾ ਕਿ ਹਵਾਈ ਅੱਡੇ 'ਤੇ 10 ਇਮੀਗ੍ਰੇਸ਼ਨ ਕਾਊਂਟਰ ਅਤੇ ਈ-ਵੀਜ਼ਾ ਲਈ ਵੱਖਰੇ ਕਾਊਂਟਰ ਮੌਜੂਦ ਹਨ, ਜੋ ਯਾਤਰੀਆਂ ਦੀ ਆਵਾਜਾਈ ਲਈ ਕਾਫ਼ੀ ਹਨ।



## ਫੀਫਾ ਵੱਲੋਂ ਵੱਡਾ ਫੈਸਲਾ, 2026 ਵਰਲਡ ਕੱਪ ਦੌਰਾਨ ਸਿੱਖ ਦਰਸ਼ਕਾਂ ਨੂੰ ਕਿਰਪਾਨ ਲਿਜਾਣ ਦੀ ਆਗਿਆ

**ਵੈਨਕੂਵਰ, 13 ਜੂਨ (ਆਵਾਜ਼ਿ ਕੌਮ ਬਿਊਰੋ)**-ਵਿਸ਼ਵ ਪੱਧਰ 'ਤੇ ਸਿੱਖ ਭਾਈਚਾਰੇ ਲਈ ਇੱਕ ਮਹੱਤਵਪੂਰਨ ਅਤੇ ਸਾਕਾਰਾਤਮਕ ਫੈਸਲੇ ਦੇ ਤਹਿਤ, ਫੀਫਾ ਨੇ ਪੁਸ਼ਟੀ ਕੀਤੀ ਹੈ ਕਿ 2026 ਫੁੱਟਬਾਲ ਵਰਲਡ ਕੱਪ ਦੌਰਾਨ ਕੈਨੇਡਾ ਦੇ ਮੇਜ਼ਬਾਨ ਸ਼ਹਿਰਾਂ ਟੋਰਾਂਟੋ ਅਤੇ ਵੈਨਕੂਵਰ ਵਿੱਚ ਸਿੱਖ ਦਰਸ਼ਕਾਂ ਨੂੰ ਆਪਣੇ ਧਾਰਮਿਕ ਨਿਸ਼ਾਨ ਕਿਰਪਾਨ ਨਾਲ ਸਟੇਡੀਅਮ ਵਿੱਚ ਦਾਖ਼ਲਾ ਦਿੱਤਾ ਜਾਵੇਗਾ। ਇਹ ਫੈਸਲਾ ਵਰਲਡ ਸਿੱਖ ਆਰਗਨਾਈਜ਼ੇਸ਼ਨ (WSO) ਵੱਲੋਂ ਕੀਤੀਆਂ ਲੰਬੇ ਸਮੇਂ ਦੀਆਂ ਕੋਸ਼ਿਸ਼ਾਂ ਤੋਂ ਬਾਅਦ ਲਿਆ ਗਿਆ ਹੈ। ਫੀਫਾ ਨੇ ਸੁਰੱਖਿਆ ਅਤੇ ਧਾਰਮਿਕ ਅਜ਼ਾਦੀ ਵਿਚ ਸੰਤੁਲਨ ਬਣਾਉਂਦੇ ਹੋਏ ਕੁਝ ਸਪਸ਼ਟ ਨਿਯਮ ਵੀ ਜਾਰੀ ਕੀਤੇ ਹਨ।



**ਕੀ ਹਨ ਨਵੇਂ ਨਿਯਮ ?**

ਫੀਫਾ ਦੇ ਨਵੇਂ ਨਿਯਮਾਂ ਮੁਤਾਬਕ: ☛ ਕਿਰਪਾਨ ਸਿੱਖ ਧਰਮ ਦੇ ਹੋਰ ਚਾਰ ਕੱਕਾਰਾਂ ਨਾਲ ਹੀ ਪਹਿਨੀ ਹੋਣੀ ਲਾਜ਼ਮੀ ਹੈ ☛ ਕਿਰਪਾਨ ਦੀ ਧਾਰ 10 ਸੈਂਟੀਮੀਟਰ ਤੋਂ ਵੱਧ ਨਹੀਂ ਹੋਣੀ ਚਾਹੀਦੀ ☛ ਕਿਰਪਾਨ ਹਮੇਸ਼ਾਂ ਮਿਆਨ ਵਿੱਚ ਸੁਰੱਖਿਅਤ ਤਰੀਕੇ ਨਾਲ ਹੋਵੇ ☛ ਕਿਰਪਾਨ ਨੂੰ ਗਾਤਰਾ ਨਾਲ ਲਗਾ ਕੇ ਕਪੜਿਆਂ ਦੇ ਹੇਠਾਂ ਪਹਿਨਣਾ ਜ਼ਰੂਰੀ ਹੋਵੇਗਾ। ਫੀਫਾ ਨੇ ਟੋਰਾਂਟੋ ਅਤੇ ਵੈਨਕੂਵਰ ਦੇ ਸਟੇਡੀਅਮ ਸਟਾਫ਼ ਅਤੇ ਸੁਰੱਖਿਆ ਕਰਮਚਾਰੀਆਂ ਨੂੰ ਵੀ ਇਸ ਨੀਤੀ ਬਾਰੇ ਜਾਣਕਾਰੀ ਦੇ ਦਿੱਤੀ ਹੈ, ਤਾਂ ਜੋ ਸਿੱਖ ਦਰਸ਼ਕਾਂ ਲਈ ਦਾਖ਼ਲਾ ਪ੍ਰਕਿਰਿਆ ਸੌਖੀ ਅਤੇ ਆਦਰਪੂਰਵਕ ਬਣਾਈ ਜਾ ਸਕੇ।

**ਸਿੱਖ ਸੰਸਥਾਵਾਂ ਵੱਲੋਂ ਸਵਾਗਤ :** ਵਰਲਡ ਸਿੱਖ ਆਰਗਨਾਈਜ਼ੇਸ਼ਨ ਨੇ ਇਸ ਫੈਸਲੇ 'ਤੇ ਖੁਸ਼ੀ ਜਤਾਈ ਹੈ ਅਤੇ ਕੈਨੇਡਾ ਦੇ ਵੱਖ-ਵੱਖ ਪੱਧਰਾਂ 'ਤੇ ਕੰਮ ਕਰ ਰਹੇ ਨੇਤਾਵਾਂ ਅਤੇ ਸਿੱਖ ਕਾਕਸ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਹੈ। ਸੰਸਥਾ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਇਹ ਫੈਸਲਾ ਸਿੱਖ ਭਾਈਚਾਰੇ ਦੇ ਧਾਰਮਿਕ ਅਧਿਕਾਰਾਂ ਦੀ ਪਹਿਚਾਣ ਦਾ ਪ੍ਰਤੀਕ ਹੈ ਅਤੇ ਇਹ ਸਾਬਤ ਕਰਦਾ ਹੈ ਕਿ ਵਿਸ਼ਵ ਪੱਧਰ ਦੇ ਇਵੈਂਟ ਵੀ ਸਭ ਲਈ ਖੁੱਲ੍ਹੇ ਅਤੇ ਸਮਾਨ ਹੋ ਸਕਦੇ ਹਨ। 2026 ਦਾ ਫੀਫਾ ਵਰਲਡ ਕੱਪ ਇਤਿਹਾਸ ਦਾ ਸਭ ਤੋਂ ਵੱਡਾ ਟੂਰਨਾਮੈਂਟ ਹੋਵੇਗਾ। ਇਸ ਫੈਸਲੇ ਨਾਲ ਇਹ ਯਕੀਨੀ ਬਣਾਇਆ ਗਿਆ ਹੈ ਕਿ ਸਿੱਖ ਭਾਈਚਾਰੇ ਦੇ ਲੋਕ ਵੀ ਆਪਣੀ ਧਾਰਮਿਕ ਪਹਿਚਾਣ ਨੂੰ ਕਾਇਮ ਰੱਖਦੇ ਹੋਏ ਇਸ ਵਿਸ਼ਵ ਪੱਧਰੀ ਖੇਡ ਮੇਲੇ ਦਾ ਹਿੱਸਾ ਬਣ ਸਕਣ। WSO ਨੇ ਇਹ ਵੀ ਕਿਹਾ ਕਿ ਉਹ ਅੱਗੇ ਵੀ ਦੁਨੀਆ ਭਰ ਵਿੱਚ ਸਿੱਖਾਂ ਦੇ ਅਧਿਕਾਰਾਂ ਅਤੇ ਮਨੁੱਖੀ ਅਧਿਕਾਰਾਂ ਲਈ ਆਪਣੀ ਲੜਾਈ ਜਾਰੀ ਰੱਖੇਗੀ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar

www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰਕੀ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੌ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ॥
ਨਾ ਸਰੋ ਮਨਸੂਰ ਗੁਰੂ ਗੋਬਿੰਦ ਸਿੰਘ ਜੀ॥

# ਪੰਥ ਅਕਾਲੀ ਤਰਨਾ ਦਲ

ਚਲਦਾ ਵਹੀਰ ਚੱਕਰਵਤੀ ਨਿਹੰਗ ਸਿੰਘ ਪੰਜਾਬ ਹਿੰਦੁਸਤਾਨ
ਰਜਿ: ਨੋਟੀਫਿਕੇਸ਼ਨ ਨੰ: ਐਕਸ.ਐਕਸ.ਆਈ. ੧੯੬੦ ਗੌਰਮਿੰਟ ਮਿਸਲ ਸ਼ਹੀਦ ਬਾਬਾ ਬੋਤਾ ਸਿੰਘ ਜੀ
ਬਾਬਾ ਗਰਜਾ ਸਿੰਘ ਜੀ ਪੜਾਅ ਨਿਹੰਗ ਸਿੰਘ ਛਾਉਣੀ

## ਸੱਦਾ ਪੱਤਰ

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਪਾ:੧ ਅਤੇ
ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਪਾ:੬ ਦੀ ਚਰਨ ਛੂਹ ਪ੍ਰਾਪਤ

## ਗੁਰਦੁਆਰਾ ਟਿੱਬਾ ਸਾਹਿਬ, ਪਿੰਡ ਭੋਲ ਬਾਘੇ



ਸੱਚਖੰਡ ਵਾਸੀ ਸਿੰਘ ਸਾਹਿਬ ਬਾਬਾ ਦਲਬੀਰ ਸਿੰਘ ਜੀ
ਮੁਕਤਸਰ ਸਾਹਿਬ ਵਾਲੇ

ਤਹਿ: ਬਟਾਲਾ, ਗੁਰਦਾਸਪੁਰ ਵਿਖੇ

# ਉਸਾਰੀ ਦਾ ਨੀਂਹ ਪੱਥਰ

## 16 ਜੂਨ 2026, ਦਿਨ ਮੰਗਲਵਾਰ ਨੂੰ

## ਸੰਗਤਾਂ ਦੇ ਸਹਿਯੋਗ ਅਤੇ ਬੜੀ ਸਰਧਾ ਭਾਵਨਾ ਨਾਲ ਰੱਖਿਆ ਜਾਵੇਗਾ।

:: ਪਹੁੰਚ ਰਹੇ ਮਹਾਂਪੁਰਸ਼ ::

ਸਿੰਘ ਸਾਹਿਬ ਜੱਥੇਦਾਰ ਕੁਲਦੀਪ ਸਿੰਘ ਗੜਗੱਜ
ਸ੍ਰ. ਹਰਜਿੰਦਰ ਸਿੰਘ ਧਾਮੀ, ਪ੍ਰਧਾਨ SGPC
ਸ੍ਰੀ ਮਾਨ ਸੰਤ ਜੀਤ ਸਿੰਘ ਜੀ ਜੌਹਲਾਂ ਵਾਲੇ
ਸ੍ਰੀ ਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਦਲ ਪੰਥ ਬਾਬਾ ਬਿਧੀ ਚੰਦ ਜੀ
ਸ੍ਰੀ ਮਾਨ ਜੱਥੇਦਾਰ ਬਾਬਾ ਜੋਗਾ ਸਿੰਘ ਜੀ, ਮੁਖੀ ਤਰਨਾ ਦਲ, ਬਾਬਾ ਬਕਾਲਾ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਮਾਨ ਸੰਤ ਬਾਬਾ ਪਰਮਜੀਤ ਸਿੰਘ ਜੀ, ਹੰਸਾਲੀ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਜਗਿੰਦਰ ਸਿੰਘ ਜੀ, ਰਕਬੇ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਮੇਜਰ ਸਿੰਘ ਜੀ, ਮੁਖੀ ਦਸ਼ਮੇਸ਼ ਤਰਨਾ ਦਲ
ਸ੍ਰੀ ਮਾਨ ਸੰਤ ਬਾਬਾ ਲੀਡਰ ਸਿੰਘ ਜੀ, ਸੈਫਲਾਬਾਦ ਵਾਲੇ
ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ, ਰੜ੍ਹਾ ਸਾਹਿਬ, ਪੱਕਾ ਪੁਲ੍ਹ ਵਾਲੇ



ਮੁੱਖ ਜਥੇਦਾਰ ਬਾਬਾ ਰਣਜੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ



ਜੱਥੇਦਾਰ ਸੰਤ ਬਾਬਾ ਗੁਰਬਚਨ ਸਿੰਘ ਜੀ
ਅਣਖੀ, ਲੀਵਰ ਪੂਲ ਯੂ.ਕੇ



ਜੱਥੇਦਾਰ ਬਾਬਾ ਗੁਰਪ੍ਰੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ



ਜੱਥੇਦਾਰ ਬਾਬਾ ਕਰਨ ਸਿੰਘ ਜੀ
ਹਜ਼ਾਰਾ, ਯੂ.ਕੇ

**M: 81464 29412, 76269-10039, 88729 29799**

### ਪੱਤਰਕਾਰਤਾ ਖੇਤਰ ਵਿਚ ਪਾਏ ਯੋਗਦਾਨ ਦੀ ਸ਼ਲਾਘਾ ਕਰਦਿਆਂ

# ਦਮਦਮੀ ਟਕਸਾਲ ਨੇ ਸੀਨੀਅਰ ਪੱਤਰਕਾਰ ਮਨੋਹਰ ਲਾਲ ਦਾ ਕੀਤਾ ਵਿਸ਼ੇਸ਼ ਸਨਮਾਨ



**ਫ਼ਿਰੋਜ਼ਪੁਰ, 13 ਜੂਨ (ਮਨੋਹਰ ਲਾਲ) :—** ਪੱਤਰਕਾਰਤਾ ਦੇ ਖੇਤਰ ਵਿੱਚ ਆਪਣੀ ਨਿਸ਼ਕਾਮ ਅਤੇ ਨਿਰਪੱਖ ਸੇਵਾਵਾਂ ਰਾਹੀਂ ਸਮਾਜ ਨੂੰ ਸੇਧ ਦੇਣ ਵਾਲੇ ਸੀਨੀਅਰ ਪੱਤਰਕਾਰ ਮਨੋਹਰ ਲਾਲ ਨੂੰ ਅੱਜ ਸਿੱਖ ਜਗਤ ਦੀ ਸਿਰਮੌਰ ਸੰਸਥਾ ਦਮਦਮੀ ਟਕਸਾਲ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਵੱਲੋਂ ਇੱਕ ਵਿਸ਼ੇਸ਼ ਸਮਾਗਮ ਦੌਰਾਨ ਭੇਂਟ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਗੱਲਬਾਤ ਕਰਦਿਆਂ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਦੱਸਿਆ ਕਿ ਇਹ ਸਨਮਾਨ ਮਨੋਹਰ ਲਾਲ ਜੀ ਵੱਲੋਂ ਪੱਤਰਕਾਰਤਾ ਦੇ ਖੇਤਰ ਵਿੱਚ ਨਿਭਾਈਆਂ ਗਈਆਂ ਲੰਮੀਆਂ ਅਤੇ ਸ਼ਾਨਦਾਰ ਸੇਵਾਵਾਂ ਨੂੰ ਮੁੱਖ ਰੱਖਦਿਆਂ ਦਿੱਤਾ ਗਿਆ ਹੈ। ਇਸ ਮੌਕੇ ਹਾਜ਼ਰ ਸੰਗਤਾਂ ਅਤੇ ਪਤਵੰਤੇ ਸੱਜਣਾਂ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਕਿਹਾ ਕਿ ਪੱਤਰਕਾਰਤਾ ਨੂੰ ਸਮਾਜ ਦਾ ਚੌਥਾ ਸਤੰਭ ਮੰਨਿਆ ਜਾਂਦਾ ਹੈ ਅਤੇ ਜਦੋਂ ਇਸ ਸਤੰਭ ਨੂੰ ਮਨੋਹਰ ਲਾਲ ਵਰਗੇ ਇਮਾਨਦਾਰ ਅਤੇ ਸੂਝਵਾਨ ਪੱਤਰਕਾਰ ਮਿਲਦੇ ਹਨ ਤਾਂ ਸਮਾਜ ਦੀ ਆਵਾਜ਼ ਹੋਰ ਵੀ ਬੁਲੰਦ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮਨੋਹਰ ਲਾਲ ਨੇ ਆਪਣੀ ਪੂਰੀ ਜ਼ਿੰਦਗੀ ਬਿਨਾਂ ਕਿਸੇ ਪੱਖਪਾਤ ਦੇ ਸੱਚ ਦੀ ਆਵਾਜ਼ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਲਗਾ ਦਿੱਤੀ ਹੈ। ਉਨ੍ਹਾਂ ਦੀਆਂ ਇਨ੍ਹਾਂ ਨਿਸ਼ਕਾਮ ਸੇਵਾਵਾਂ ਦਾ ਸਤਿਕਾਰ ਕਰਨਾ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ।

ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਭਾਵੁਕ ਹੁੰਦਿਆਂ ਕਿਹਾ ਕਿ ਭਾਵੇਂ ਕਿ ਮਨੋਹਰ ਲਾਲ ਜੀ ਹੁਣ ਕਾਫੀ ਬਜ਼ੁਰਗ ਹੋ ਗਏ ਹਨ ਅਤੇ ਸਰੀਰਕ ਪੱਖੋਂ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ, ਪਰ ਪੱਤਰਕਾਰਤਾ ਪ੍ਰਤੀ ਉਨ੍ਹਾਂ ਦਾ ਜਜ਼ਬਾ ਅਤੇ ਜਨੂੰਨ ਅੱਜ ਵੀ ਨੌਜਵਾਨਾਂ ਵਰਗਾ ਹੈ। ਉਹ ਅੱਜ ਵੀ ਪੱਤਰਕਾਰਤਾ ਵਿੱਚ ਆਪਣਾ ਅਹਿਮ ਯੋਗਦਾਨ ਨਿਰੰਤਰ ਨਿਭਾ ਰਹੇ ਹਨ, ਜਿਸ ਦੀ ਪ੍ਰਸ਼ੰਸਾ ਕਰਨੀ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੀਨੀਅਰ ਪੱਤਰਕਾਰ ਮਨੋਹਰ ਲਾਲ ਦੀ ਇਸ ਹਿੰਮਤ ਅਤੇ ਸਮਰਪਣ ਭਾਵਨਾ ਨੂੰ ਦੇਖਦੇ ਹੋਏ ਅੱਜ ਮੈਂ ਇਨ੍ਹਾਂ ਨੂੰ ਸਨਮਾਨਿਤ ਕਰਦਿਆਂ ਬੇਹੱਦ ਮਾਣ ਮਹਿਸੂਸ ਕਰ ਰਿਹਾ ਹਾਂ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦੇ ਦੌਰ ਵਿੱਚ ਜਿੱਥੇ ਪੱਤਰਕਾਰਤਾ ਦੇ ਮਿਆਰ ਵਿੱਚ ਕਈ ਤਰ੍ਹਾਂ ਦੇ ਬਦਲਾਅ ਦੇਖਣ ਨੂੰ ਮਿਲ ਰਹੇ ਹਨ, ਉਥੇ ਸਾਡੇ ਵੀਰ ਮਨੋਹਰ ਲਾਲ ਨੇ ਆਪਣੀ ਕਲਮ ਰਾਹੀਂ ਹੱਕ—ਸੱਚ ਦੀ ਆਵਾਜ਼ ਨੂੰ ਬੁਲੰਦ ਕੀਤਾ ਹੈ ਅਤੇ ਸਿੱਖ ਜਗਤ ਦੀ ਆਨ, ਬਾਨ ਅਤੇ ਸ਼ਾਨ ਨੂੰ ਸਮਰਪਿਤ ਖਬਰਾਂ ਪ੍ਰਕਾਸ਼ਿਤ ਕਰਕੇ ਸਮਾਜ ਵਿਚ ਨਿਵੇਕਲੀ ਪਹਿਚਾਨ ਸਥਾਪਿਤ ਕੀਤੀ ਹੈ। ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਅੱਗੇ ਕਿਹਾ ਕਿ ਸੀਨੀਅਰ ਪੱਤਰਕਾਰ ਮਨੋਹਰ ਲਾਲ ਨੇ ਆਪਣੇ ਪੱਤਰਕਾਰਤਾ ਵਿੱਚ ਆਪਣੇ 44 ਸਾਲ ਪੂਰੇ ਕਰਨ ਤੇ ਇਨ੍ਹਾਂ ਨੂੰ ਇਹ ਸਨਮਾਨ ਦਿੱਤਾ ਜਾਂਦਾ ਹੈ ਇਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਤੰਗੀ ਤੁਰਸ਼ੀ ਅਤੇ ਗਰੀਬੀ ਵਿੱਚ ਕੱਟੀ ਪਰ ਹਮੇਸ਼ਾ ਸੱਚ ਅਤੇ ਲੋਕਾਂ ਦੀ ਆਵਾਜ਼ ਕਾਇਮ ਰੱਖੀ। ਉਨ੍ਹਾਂ ਕਿਹਾ ਕਿ ਮਨੋਹਰ ਲਾਲ ਪੱਤਰਕਾਰ ਵਿੱਚੋਂ ਹੋਣ ਪਰ ਇਨ੍ਹਾਂ ਨੇ ਕਿਸੇ ਲਾਲਚ ਵਿੱਚ ਆ ਕੇ ਖਬਰ ਨਹੀਂ ਲਾਈ ਅਤੇ ਹਮੇਸ਼ਾ ਪੱਤਰਕਾਰਤਾ ਵਿੱਚ ਆਪਣੇ ਯੋਗਦਾਨ ਪਾਉਂਦੇ ਰਹੇ ਹਨ। ਇਸ ਮੌਕੇ ਬੋਲਦਿਆਂ ਜਥੇਦਾਰ ਬਾਬਾ ਬਲਵਿੰਦਰ ਸਿੰਘ ਮਹਾਲਮ, ਪਿਆਰਾ ਸਿੰਘ, ਮੋਹਿਤ ਸਿੰਘ, ਗੁਰਸਾਹਿਬ ਸਿੰਘ, ਨਵਜੋਤ ਸਿੰਘ ਤੇ ਸਾਥੀਆਂ ਨੇ ਬੋਲਦਿਆਂ ਕਿਹਾ ਕਿ ਏਨ੍ਹਾ ਲੰਬਾ ਅਰਸਾ ਪੱਤਰਕਾਰਤਾ ਕਰਨੀ ਅਤੇ ਪੱਤਰਕਾਰਾਂ ਕਰਦੇ ਹੋਏ ਕਿਸੇ ਕਿਸਮ ਦੇ ਦੋਸ਼ ਤੋਂ ਮੁਕਤ ਰਹਿ ਕੇ ਲੋਕ ਆਵਾਜ਼ ਚੁੱਕਣੀ ਕਿਸੇ—ਕਿਸੇ ਦੇ ਖਿੱਤੇ ਵਿਚ ਆਉਂਦਾ ਹੈ ਅਤੇ ਸਾਨੂੰ ਮਾਣ ਹੈ ਕਿ ਸਾਡੇ ਵੀਰ ਮਨੋਹਰ ਲਾਲ ਨੇ ਅਜਿਹਾ ਨਾਮਣਾ ਖੱਟਿਆ ਹੈ।

### ਅਵਾਰਾ ਕੁੱਤਿਆਂ ਦਾ ਵਧਦਾ ਖ਼ਤਰਾ: ਲੋਕਾਂ ਦੀ ਸੁਰੱਖਿਆ, ਜਨ ਸਿਹਤ ਅਤੇ ਪ੍ਰਸ਼ਾਸਨ ਲਈ ਵੱਡੀ ਚੁਣੌਤੀ

# ਹਰ ਗਲੀ, ਹਰ ਮੁਹੱਲੇ ਅਤੇ ਹਰ ਸ਼ਹਿਰ ਵਿੱਚ ਵਧ ਰਹੀ ਸਮੱਸਿਆ, ਹੱਲ ਦੀ ਉਡੀਕ ਵਿੱਚ ਲੋਕ



**ਤਲਵੰਡੀ ਸਾਬੋ ਤੋਂ ਗੁਰਜੰਟ ਸਿੰਘ ਨਥੇਹਾ ਦੀ ਵਿਸ਼ੇਸ਼ ਰਿਪੋਰਟ**-ਇੱਕ ਸਮਾਂ ਸੀ ਜਦੋਂ ਅਵਾਰਾ ਕੁੱਤੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਗਿਣਤੀ ਦੇ ਹੀ ਨਜ਼ਰ ਆਉਂਦੇ ਸਨ, ਪਰ ਅੱਜ ਹਾਲਾਤ ਕਾਫ਼ੀ ਬਦਲ ਚੁੱਕੇ ਹਨ। ਪੰਜਾਬ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਅਵਾਰਾ ਕੁੱਤਿਆਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਸੜਕਾਂ, ਬਾਜ਼ਾਰਾਂ, ਬੱਸ ਅੱਡਿਆਂ, ਸਕੂਲਾਂ, ਹਸਪਤਾਲਾਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਘੁੰਮਦੇ ਕੁੱਤੇ ਹੁਣ ਆਮ ਦ੍ਰਿਸ਼ ਬਣ ਗਏ ਹਨ। ਇਹ ਸਮੱਸਿਆ ਸਿਰਫ਼ ਪਸ਼ੂ ਪ੍ਰਬੰਧਨ ਤੱਕ ਸੀਮਤ ਨਹੀਂ ਰਹੀ, ਸਗੋਂ ਲੋਕਾਂ ਦੀ ਸੁਰੱਖਿਆ, ਜਨ ਸਿਹਤ ਅਤੇ ਪ੍ਰਸ਼ਾਸਨਿਕ ਪ੍ਰਬੰਧਨ ਨਾਲ ਵੀ ਜੁੜ ਚੁੱਕੀ ਹੈ। ਮੋਟਰਸਾਈਕਲ ਸਵਾਰਾਂ ਦਾ ਪਿੱਛਾ ਕਰਨ ਦੇ ਮਾਮਲੇ ਅਤੇ ਰਾਤ ਦੇ ਸਮੇਂ ਝੁੰਡਾਂ ਵਿੱਚ ਘੁੰਮਦੇ ਕੁੱਤਿਆਂ ਕਾਰਨ ਪੈਦਾ ਹੋ ਰਹੀ ਦਹਿਸ਼ਤ ਨੇ ਲੋਕਾਂ ਦੀ ਚਿੰਤਾ ਵਧਾ ਦਿੱਤੀ ਹੈ। ਖ਼ਾਸ ਕਰਕੇ ਬੱਚੇ, ਬਜ਼ੁਰਗ ਅਤੇ ਔਰਤਾਂ ਇਸ ਸਮੱਸਿਆ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਅਵਾਰਾ ਕੁੱਤਿਆਂ ਦੀ ਵਧਦੀ ਗਿਣਤੀ ਦੇ ਕਈ ਕਾਰਨ ਹਨ। ਸਭ ਤੋਂ ਵੱਡਾ ਕਾਰਨ ਸ਼ਹਿਰਾਂ ਅਤੇ ਪਿੰਡਾਂ ਵਿੱਚ ਖੁੱਲ੍ਹੇ ਵਿੱਚ ਪਿਆ ਕੂੜਾ-ਕਰਕਟ ਹੈ। ਕੂੜੇ ਦੇ ਢੇਰ ਕੁੱਤਿਆਂ ਲਈ ਖ਼ੁਰਾਕ ਦਾ ਮੁੱਖ ਸਰੋਤ ਬਣ ਜਾਂਦੇ ਹਨ। ਜਿੱਥੇ ਖਾਣ-ਪੀਣ ਦੀਆਂ ਵਸਤਾਂ ਵੱਧ ਮਿਲਦੀਆਂ ਹਨ, ਉੱਥੇ ਕੁੱਤਿਆਂ ਦੀ ਗਿਣਤੀ ਵੀ ਤੇਜ਼ੀ ਨਾਲ ਵਧਦੀ ਹੈ। ਦੂਜਾ ਵੱਡਾ ਕਾਰਨ ਪਾਲਤੂ ਕੁੱਤਿਆਂ ਨੂੰ ਸੜਕਾਂ ਉੱਤੇ ਛੱਡ ਦੇਣਾ ਹੈ। ਕਈ ਲੋਕ ਕੁੱਤਿਆਂ ਨੂੰ ਸ਼ੌਕ ਨਾਲ ਪਾਲ ਤਾਂ ਲੈਂਦੇ ਹਨ, ਪਰ ਜਦੋਂ ਉਨ੍ਹਾਂ ਦੀ ਦੇਖਭਾਲ ਮੁਸ਼ਕਲ ਹੋ ਜਾਂਦੀ ਹੈ ਤਾਂ ਉਨ੍ਹਾਂ ਨੂੰ ਬੇਸਹਾਰਾ ਛੱਡ ਦਿੰਦੇ ਹਨ। ਇਹ ਕੁੱਤੇ ਬਾਅਦ ਵਿੱਚ ਅਵਾਰਾ ਜਾਨਵਰਾਂ ਦੀ ਗਿਣਤੀ ਵਿੱਚ ਸ਼ਾਮਲ ਹੋ ਜਾਂਦੇ ਹਨ। ਇਸ ਤੋਂ ਇਲਾਵਾ, ਨਸਬੰਦੀ ਪ੍ਰੋਗਰਾਮਾਂ ਦੀ ਧੀਮੀ ਰਫ਼ਤਾਰ ਵੀ ਇੱਕ ਵੱਡਾ ਕਾਰਨ ਹੈ। ਕਈ ਨਗਰ ਕੌਂਸਲਾਂ ਅਤੇ ਸਥਾਨਕ ਸਰਕਾਰਾਂ ਕੋਲ ਲੋੜੀਂਦੇ ਸਰੋਤਾਂ ਦੀ ਘਾਟ ਕਾਰਨ ਇਹ ਮੁਹਿੰਮਾਂ ਪੂਰੀ ਤਰ੍ਹਾਂ ਪ੍ਰਭਾਵਸ਼ਾਲੀ ਨਹੀਂ ਹੋ ਸਕਦੀਆਂ। ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਸਭ ਤੋਂ ਵੱਧ ਅਸਰ ਬੱਚਿਆਂ ’ਤੇ ਪੈਂਦਾ ਹੈ। ਸਕੂਲ ਜਾਣ ਵਾਲੇ ਬੱਚੇ ਅਕਸਰ ਕੁੱਤਿਆਂ ਦੇ ਹਮਲਿਆਂ ਦਾ ਸ਼ਿਕਾਰ ਬਣ ਜਾਂਦੇ ਹਨ। ਕਈ ਵਾਰ ਬੱਚੇ ਡਰ ਦੇ ਮਾਰੇ ਭੱਜਣ ਲੱਗ ਜਾਂਦੇ ਹਨ, ਜਿਸ ਨਾਲ ਕੁੱਤੇ ਹੋਰ ਹਮਲਾਵਰ ਹੋ ਜਾਂਦੇ ਹਨ। ਪਿੰਡਾਂ ਤੇ ਸ਼ਹਿਰਾਂ ਦੇ ਕਈ ਇਲਾਕਿਆਂ ਵਿੱਚ ਮਾਪਿਆਂ ਨੇ ਆਪਣੇ ਬੱਚਿਆਂ ਨੂੰ ਇਕੱਲੇ ਸਕੂਲ ਭੇਜਣਾ ਬੰਦ ਕਰ ਦਿੱਤਾ ਹੈ। ਸਵੇਰੇ ਅਤੇ ਸ਼ਾਮ ਦੇ ਸਮੇਂ ਕੁੱਤਿਆਂ ਦੇ ਝੁੰਡ ਬੱਚਿਆਂ ਲਈ ਇੱਕ ਵੱਡਾ ਖ਼ਤਰਾ ਬਣ ਜਾਂਦੇ ਹਨ। ਸਵੇਰ ਤੇ ਸ਼ਾਮ ਨੂੰ ਸੈਰ ਕਰਨ ਵਾਲੇ ਲੋਕਾਂ ਲਈ ਵੀ ਇਹ ਸਮੱਸਿਆ ਗੰਭੀਰ ਬਣਦੀ ਜਾ ਰਹੀ ਹੈ। ਬਜ਼ੁਰਗਾਂ ਲਈ ਕੁੱਤਿਆਂ ਦੇ ਹਮਲੇ ਦਾ ਸਾਹਮਣਾ ਕਰਨਾ ਹੋਰ ਵੀ ਔਖਾ ਹੁੰਦਾ ਹੈ। ਕਈ ਮਾਮਲਿਆਂ ਵਿੱਚ ਕੁੱਤਿਆਂ ਦੇ ਪਿੱਛਾ ਕਰਨ ਕਾਰਨ ਲੋਕ ਡਿੱਗ ਕੇ ਜ਼ਖ਼ਮੀ ਹੋ ਜਾਂਦੇ ਹਨ। ਰਾਤ ਦੇ ਸਮੇਂ ਹਾਲਾਤ ਹੋਰ ਵੀ ਮੁਸ਼ਕਲ ਹੋ ਜਾਂਦੇ ਹਨ। ਘੱਟ ਆਵਾਜਾਈ ਵਾਲੀਆਂ ਸੜਕਾਂ ’ਤੇ ਕੁੱਤਿਆਂ ਦੇ ਝੁੰਡ ਅਕਸਰ ਰਾਹਗੀਰਾਂ ਨੂੰ ਘੇਰ ਲੈਂਦੇ ਹਨ, ਜਿਸ ਨਾਲ ਡਰ ਦਾ ਮਾਹੌਲ ਬਣ ਜਾਂਦਾ ਹੈ। ਅਵਾਰਾ ਕੁੱਤੇ ਸਿਰਫ਼ ਲੋਕਾਂ ਨੂੰ ਵੱਢਣ ਦਾ ਹੀ ਕਾਰਨ ਨਹੀਂ ਬਣਦੇ, ਸਗੋਂ ਕਈ ਸੜਕ ਹਾਦਸਿਆਂ ਲਈ ਵੀ ਜ਼ਿੰਮੇਵਾਰ ਹੁੰਦੇ ਹਨ। ਅਚਾਨਕ ਸੜਕ ’ਤੇ ਆ ਜਾਣ ਕਾਰਨ ਮੋਟਰਸਾਈਕਲ ਅਤੇ ਸਕੂਟਰ ਸਵਾਰ ਆਪਣਾ ਸੰਤੁਲਨ ਗੁਆ ਬੈਠਦੇ ਹਨ। ਕਈ ਵਾਰ ਵਾਹਨਾਂ ਦੀ ਆਪਸੀ ਟੱਕਰ ਵੀ ਹੋ ਜਾਂਦੀ ਹੈ। ਪੇਂਡੂ ਇਲਾਕਿਆਂ ਵਿੱਚ ਇਹ ਸਮੱਸਿਆ ਹੋਰ ਵੀ ਗੰਭੀਰ ਹੈ, ਜਿੱਥੇ ਰਾਤ ਦੇ ਸਮੇਂ ਸੜਕਾਂ ’ਤੇ ਰੌਸ਼ਨੀ ਦੀ ਘਾਟ ਕਾਰਨ ਕੁੱਤਿਆਂ ਨੂੰ ਦੇਖਣਾ ਔਖਾ ਹੋ ਜਾਂਦਾ ਹੈ। ਸਿਹਤ ਮਾਹਿਰਾਂ ਅਨੁਸਾਰ ਕੁੱਤਿਆਂ ਦੇ ਕੱਟਣ ਨਾਲ ਰੇਬੀਜ਼ ਵਰਗੀ ਘਾਤਕ ਬਿਮਾਰੀ ਦਾ ਖ਼ਤਰਾ ਬਣਿਆ ਰਹਿੰਦਾ ਹੈ। ਰੇਬੀਜ਼ ਇੱਕ ਅਜਿਹੀ ਬਿਮਾਰੀ ਹੈ ਜਿਸ ਦਾ ਸਮੇਂ ਸਿਰ ਇਲਾਜ ਨਾ ਹੋਵੇ ਤਾਂ ਜਾਨ ਵੀ ਜਾ ਸਕਦੀ ਹੈ। ਹਰ ਸਾਲ ਹਜ਼ਾਰਾਂ ਲੋਕ ਕੁੱਤਿਆਂ ਦੇ ਕੱਟਣ ਕਾਰਨ ਹਸਪਤਾਲਾਂ ਵਿੱਚ ਇਲਾਜ ਲਈ ਪਹੁੰਚਦੇ ਹਨ। ਇਸ ਨਾਲ ਨਾ ਸਿਰਫ਼ ਲੋਕਾਂ ਦੀ ਸਿਹਤ ਪ੍ਰਭਾਵਿਤ ਹੁੰਦੀ ਹੈ, ਸਗੋਂ ਸਿਹਤ ਪ੍ਰਣਾਲੀ ਉੱਤੇ ਵੀ ਵਾਧੂ ਬੋਝ ਪੈਂਦਾ ਹੈ। ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਹੱਲ ਲੱਭਦੇ ਸਮੇਂ ਪਸ਼ੂ ਭਲਾਈ ਅਤੇ ਜਨ ਸੁਰੱਖਿਆ ਦੋਵਾਂ ਨੂੰ ਧਿਆਨ ਵਿੱਚ ਰੱਖਣਾ ਲਾਜ਼ਮੀ ਹੈ। ਜਾਨਵਰਾਂ ਨਾਲ ਬੇਰਹਿਮੀ ਕਿਸੇ ਵੀ ਹਾਲਤ ਵਿੱਚ ਸਵੀਕਾਰਯੋਗ ਨਹੀਂ ਹੈ, ਪਰ ਲੋਕਾਂ ਦੀ ਸੁਰੱਖਿਆ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਮਾਹਿਰਾਂ ਦਾ ਮੰਨਣਾ ਹੈ ਕਿ ਕੁੱਤਿਆਂ ਨੂੰ ਮਾਰਨਾ ਜਾਂ ਇੱਕ ਥਾਂ ਤੋਂ ਦੂਜੀ ਥਾਂ ਭੇਜਣਾ ਸਥਾਈ ਹੱਲ ਨਹੀਂ ਹੈ। ਇਸ ਦੀ ਬਜਾਏ ਵਿਗਿਆਨਕ ਅਤੇ ਮਨੁੱਖੀ ਪਹੁੰਚ ਅਪਣਾਉਣ ਦੀ ਲੋੜ ਹੈ। ਇਸ ਸਮੱਸਿਆ ਦਾ ਹੱਲ ਕਈ ਪੱਧਰਾਂ ’ਤੇ ਕੰਮ ਕਰਨ ਨਾਲ ਹੀ ਸੰਭਵ ਹੈ। ਅਵਾਰਾ ਕੁੱਤਿਆਂ ਦੀ ਵੱਡੇ ਪੱਧਰ ’ਤੇ ਨਸਬੰਦੀ ਕੀਤੀ ਜਾਵੇ। ਰੇਬੀਜ਼ ਵਿਰੁੱਧ ਨਿਯਮਿਤ ਟੀਕਾਕਰਨ ਮੁਹਿੰਮਾਂ ਚਲਾਈਆਂ ਜਾਣ। ਸ਼ਹਿਰਾਂ ਅਤੇ ਪਿੰਡਾਂ ਵਿੱਚ ਕੂੜਾ ਪ੍ਰਬੰਧਨ ਨੂੰ ਮਜ਼ਬੂਤ ਕੀਤਾ ਜਾਵੇ। ਪਾਲਤੂ ਜਾਨਵਰਾਂ ਨੂੰ ਸੜਕਾਂ ’ਤੇ ਛੱਡਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਅਵਾਰਾ ਜਾਨਵਰਾਂ ਲਈ ਸ਼ੈਲਟਰ ਹੋਮ ਅਤੇ ਰਿਹਾਇਸ਼ੀ ਕੇਂਦਰ ਬਣਾਏ ਜਾਣ। ਲੋਕਾਂ ਵਿੱਚ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣ। ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਹੱਲ ਸਿਰਫ਼ ਸਰਕਾਰਾਂ ਜਾਂ ਨਗਰ ਕੌਂਸਲਾਂ ਦੇ ਸਹਾਰੇ ਨਹੀਂ ਹੋ ਸਕਦਾ। ਇਸ ਲਈ ਸਮਾਜ, ਸਮਾਜਿਕ ਸੰਸਥਾਵਾਂ, ਪਸ਼ੂ ਭਲਾਈ ਸੰਗਠਨਾਂ ਅਤੇ ਆਮ ਲੋਕਾਂ ਨੂੰ ਵੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਪਵੇਗੀ। ਜਦੋਂ ਤੱਕ ਕੂੜਾ-ਕਰਕਟ ਖੁੱਲ੍ਹੇ ਵਿੱਚ ਸੁੱਟਿਆ ਜਾਂਦਾ ਰਹੇਗਾ, ਪਾਲਤੂ ਜਾਨਵਰਾਂ ਨੂੰ ਬੇਸਹਾਰਾ ਛੱਡਿਆ ਜਾਂਦਾ ਰਹੇਗਾ ਅਤੇ ਨਸਬੰਦੀ ਪ੍ਰੋਗਰਾਮਾਂ ਨੂੰ ਗੰਭੀਰਤਾ ਨਾਲ ਨਹੀਂ ਲਿਆ ਜਾਵੇਗਾ, ਉਦੋਂ ਤੱਕ ਇਸ ਸਮੱਸਿਆ ਦਾ ਸਥਾਈ ਹੱਲ ਸੰਭਵ ਨਹੀਂ। ਅਵਾਰਾ ਕੁੱਤਿਆਂ ਦੀ ਵਧਦੀ ਗਿਣਤੀ ਅੱਜ ਦੇ ਸਮੇਂ ਦੀ ਇੱਕ ਵੱਡੀ ਸਮਾਜਿਕ ਅਤੇ ਜਨ ਸਿਹਤ ਸੰਬੰਧੀ ਚੁਣੌਤੀ ਹੈ। ਇਸ ਮੁੱਦੇ ਨੂੰ ਨਾ ਤਾਂ ਅਣਡਿੱਠਾ ਕੀਤਾ ਜਾ ਸਕਦਾ ਹੈ ਅਤੇ ਨਾ ਹੀ ਭਾਵਨਾਵਾਂ ਦੇ ਆਧਾਰ ’ਤੇ ਹੱਲ ਕੀਤਾ ਜਾ ਸਕਦਾ ਹੈ। ਵਿਗਿਆਨਕ ਸੋਚ, ਪ੍ਰਭਾਵਸ਼ਾਲੀ ਪ੍ਰਸ਼ਾਸਨਿਕ ਪ੍ਰਬੰਧਨ ਅਤੇ ਲੋਕਾਂ ਦੀ ਭਾਗੀਦਾਰੀ ਨਾਲ ਹੀ ਇਸ ਸਮੱਸਿਆ ਦਾ ਸਥਾਈ ਹੱਲ ਲੱਭਿਆ ਜਾ ਸਕਦਾ ਹੈ। ਲੋਕਾਂ ਦੀ ਸੁਰੱਖਿਆ ਅਤੇ ਜਾਨਵਰਾਂ ਦੀ ਭਲਾਈ ਦੋਵਾਂ ਨੂੰ ਨਾਲ ਲੈ ਕੇ ਚੱਲਣ ਵਾਲੀ ਨੀਤੀ ਹੀ ਭਵਿੱਖ ਦਾ ਰਾਹ ਤੈਅ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਇਲਾਕੇ ਵਿਚ ਹੋ ਰਹੀਆਂ ਚੋਰੀਆਂ ਤੇ ਮਾੜੇ ਅਨਸਰ ਚਿੰਤਾ ਦਾ ਵਿਸ਼ਾ—ਨਿਰਮਲ ਸਿੰਘ ਔਲਖ



**ਫ਼ਿਰੋਜ਼ਪੁਰ, 13 ਜੂਨ (ਮਨੋਹਰ ਲਾਲ) :—** ਅੱਜ ਇੱਕ ਮੀਟਿੰਗ ਸਵਰਨ ਸਿੰਘ ਐਸ.ਜੀ.ਪੀ.ਸੀ ਦੇ ਘਰ ਵਿੱਚ ਰੱਖੀ ਗਈ ਜਿੱਥੇ ਭਾਰਤੀ ਕਿਸਾਨ ਯੂਨੀਅਨ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਔਲਖ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਬੋਲਦਿਆਂ ਨਿਰਮਲ ਸਿੰਘ ਔਲਖ ਨੇ ਕਿਹਾ ਕਿ ਸ਼ਹਿਰ ਅੰਦਰ ਮਾੜੇ ਅੰਸਰਾਂ ਦੁਆਰਾ ਕੀਤੀਆਂ ਜਾ ਰਹੀਆਂ ਚੋਰੀਆਂ ਬਹੁਤ ਹੀ ਚਿੰਤਾਜਨਕ ਵਿਸ਼ਾ ਹਨ, ਜਿਸ ਪਾਸੇ ਪ੍ਰਸ਼ਾਸਨ ਨੂੰ ਧਿਆਨ ਦੇਣਾ ਪਵੇਗਾ ਕਿਉਂਕਿ ਕੋਈ ਵੀ ਇੱਕ ਦਿਨ ਖਾਲੀ ਨਹੀਂ ਲੰਘਦਾ ਜਦ ਕੋਈ ਸ਼ਹਿਰ ਅੰਦਰ ਘਟਨਾ ਨਹੀਂ ਵਾਪਰਦੀ ਉਨ੍ਹਾਂ ਬੋਲਦੇ ਹੋਏ ਕਿਹਾ ਜਿਸ ਤਰ੍ਹਾਂ ਗਰਮੀ ਵਿੱਚ ਬਿਜਲੀ ਦੇ ਬਹੁਤ ਜਿਆਦਾ ਕੱਟ ਲੱਗ ਰਹੇ ਹਨ, ਇਸ ਬਾਰੇ ਵੀ ਸਰਕਾਰ ਨੂੰ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਸਵਰਨ ਸਿੰਘ ਐਸ.ਜੀ.ਪੀ.ਸੀ ਨੇ ਨਿਰਮਲ ਸਿੰਘ ਔਲਖ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਸਰਦਾਰ ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਦੇ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ, ਅਮਰ ਸਿੰਘ ਗਾਬੜੀਆ, ਹਰਜਿੰਦਰ ਸਿੰਘ ਬੱਗਾ ਆਦਿ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵੀ ਡਾ: ਅਭਿਸ਼ੇਕ ਅਰੋੜਾ ਅਤੇ ਡਾ: ਨੀਰੂ ਅਰੋੜਾ ਨੇ ਜਾਦੂਗਰ ਸਮਰਾਟ ਅਜੂਬਾ ਦੇ ਮੈਜਿਕ ਸ਼ੋਅ ਵਿੱਚ ਕੀਤੀ ਸ਼ਿਰਕਤ



**ਫ਼ਿਰੋਜ਼ਪੁਰ, 13 ਜੂਨ (ਮਨੋਹਰ ਲਾਲ) :—** ਫਿਰੋਜ਼ਪੁਰ ਦੇ ਇੱਕ ਨਿੱਜੀ ਪੈਲੇਸ ਵਿੱਚ ਚੱਲ ਰਹੇ ਪ੍ਰਸਿੱਧ ਜਾਦੂਗਰ ਸਮਰਾਟ ਅਜੂਬਾ ਦੇ ਸ਼ਾਨਦਾਰ ਮੈਜਿਕ ਸ਼ੋਅ ਵਿੱਚ ਸ਼ਹਿਰ ਦੇ ਪ੍ਰਸਿੱਧ ਸਮਾਜ ਸੇਵੀ ਡਾ: ਅਭਿਸ਼ੇਕ ਅਰੋੜਾ ਅਤੇ ਉਨ੍ਹਾਂ ਦੀ ਧਰਮਪਤਨੀ ਡਾ: ਨੀਰੂ ਅਰੋੜਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਜਾਦੂਗਰ ਸਮਰਾਟ ਅਜੂਬਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਫੁੱਲਾਂ ਦੇ ਗੁਲਦਸਤੇ ਅਤੇ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਸ਼ੋਅ ਦੌਰਾਨ ਡਾ: ਅਭਿਸ਼ੇਕ ਅਰੋੜਾ ਅਤੇ ਡਾ: ਨੀਰੂ ਅਰੋੜਾ ਨੇ ਜਾਦੂਗਰ ਸਮਰਾਟ ਅਜੂਬਾ ਵੱਲੋਂ ਪੇਸ਼ ਕੀਤੇ ਗਏ ਹੈਰਾਨੀਜਨਕ ਜਾਦੂਈ ਕਰਤੱਬਾਂ ਦਾ ਆਨੰਦ ਮਾਣਿਆ ਅਤੇ ਕਲਾਕਾਰਾਂ ਦਾ ਹੌਸਲਾ ਵਧਾਇਆ। ਡਾ: ਅਭਿਸ਼ੇਕ ਅਰੋੜਾ ਨੇ ਕਿਹਾ ਕਿ ਜਾਦੂ ਇੱਕ ਅਜਿਹੀ ਕਲਾ ਹੈ ਜੋ ਦਰਸ਼ਕਾਂ ਦਾ ਮਨੋਰੰਜਨ ਕਰਨ ਦੇ ਨਾਲ—ਨਾਲ ਉਨ੍ਹਾਂ ਨੂੰ ਹੈਰਾਨ ਵੀ ਕਰਦੀ ਹੈ। ਉਨ੍ਹਾਂ ਕਿਹਾ ਕਿ ਕਲਾਕਾਰਾਂ ਦੀ ਮਿਹਨਤ ਅਤੇ ਸਮਰਪਣ ਹੀ ਅਜਿਹੇ ਪ੍ਰੋਗਰਾਮਾਂ ਨੂੰ ਸਫਲ ਬਣਾਉਂਦੇ ਹਨ। ਡਾ: ਨੀਰੂ ਅਰੋੜਾ ਨੇ ਕਿਹਾ ਕਿ ਪਰਿਵਾਰਾਂ ਲਈ ਇਸ ਤਰ੍ਹਾਂ ਦੇ ਮਨੋਰੰਜਕ ਪ੍ਰੋਗਰਾਮ ਇੱਕ ਸੁਖਦ ਅਤੇ ਯਾਦਗਾਰ ਅਨੁਭਵ ਸਾਬਤ ਹੁੰਦੇ ਹਨ। ਉਨ੍ਹਾਂ ਲੋਕਾਂ ਨੂੰ ਇਸ ਵਿਲੱਖਣ ਮੈਜਿਕ ਸ਼ੋਅ ਦਾ ਆਨੰਦ ਲੈਣ ਦੀ ਅਪੀਲ ਕਰਦਿਆਂ ਪੂਰੀ ਟੀਮ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਜਾਦੂਗਰ ਸਮਰਾਟ ਅਜੂਬਾ ਨੇ ਦੱਸਿਆ ਕਿ ਸ਼ੋਅ ਦੌਰਾਨ ਹਰ ਰੋਜ਼ ਸ਼ਹਿਰ ਦੀਆਂ ਵੱਖ—ਵੱਖ ਸਮਾਜਿਕ, ਧਾਰਮਿਕ, ਸਿੱਖਿਅਕ ਅਤੇ ਵਪਾਰਕ ਸੰਸਥਾਵਾਂ ਨਾਲ ਜੁੜੀਆਂ ਪ੍ਰਮੁੱਖ ਸ਼ਖਸੀਅਤਾਂ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਵਾਸੀਆਂ ਦਾ ਪਿਆਰ ਅਤੇ ਸਹਿਯੋਗ ਉਨ੍ਹਾਂ ਨੂੰ ਲਗਾਤਾਰ ਮਿਲ ਰਿਹਾ ਹੈ, ਜਿਸ ਨਾਲ ਕਲਾਕਾਰਾਂ ਦਾ ਉਤਸ਼ਾਹ ਹੋਰ ਵੀ ਵੱਧ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬੀਓ ਹੋ ਜਾਓ ਸਾਵਧਾਨ, ਫਿਰ ਪਛਤਾਉਣਾ ਪੈਣਾ—ਹਰਪ੍ਰੀਤ ਸਿੰਘ ਚਾਨਾ ਉਰਫ ਰੱਬੀ ਸ਼ਾਯਰ

**ਫ਼ਿਰੋਜ਼ਪੁਰ, 13 ਜੂਨ (ਮਨੋਹਰ ਲਾਲ) :—** ਪੰਜਾਬੀਓ ਹੋ ਜਾਓ ਸਾਵਧਾਨ ਫਿਰ ਪਛਤਾਉਣਾ ਪੈਣਾ ਹੈ, ਪੰਜਾਬ ਦੇ ਹੱਕਾਂ ਤੇ ਪ੍ਰਵਾਸੀਆਂ ਦਾ ਕਬਜਾ ਚਿੰਤਾ ਦਾ ਵਿਸ਼ਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਦੇ ਜੀਰਾ ਯੂਨਿਟ ਦੇ ਹਰਪ੍ਰੀਤ ਸਿੰਘ ਚਾਨਾ ਉਰਫ਼ ਰੱਬੀ ਸ਼ਾਯਰ ਦਿਹਾਤੀ ਪ੍ਰਧਾਨ ਨੇ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਹੱਕਾਂ ਪ੍ਰਤੀ ਸੁਹਿਰਦ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਬਹੁਤ ਹੀ ਨਾਜੁਕ ਮੋੜ ਤੇ ਖੜਾ ਹੈ, ਇੱਕ ਪਾਸੇ ਪੰਜਾਬ ਵਿੱਚ ਆ ਕੇ ਵੱਸ ਰਹੇ ਪ੍ਰਵਾਸੀ ਇੱਥੇ ਬਰਾਬਰ ਦੇ ਹੱਕ ਜਿਵੇਂ ਕਿ ਜਮੀਨਾਂ, ਸਰਕਾਰੀ ਸਕੀਮਾਂ, ਸਰਕਾਰੀ ਨੌਕਰੀਆਂ, ਵੋਟਾਂ ਦੇ ਅਧਿਕਾਰ ਪ੍ਰਾਪਤ ਕਰ ਰਹੇ ਹਨ, ਪਰ ਇਥੋਂ ਦੇ ਵਸਨੀਕਾਂ ਨੂੰ ਦੂਸਰੇ ਸੂਬਿਆਂ ਵਿਚ ਅਜਿਹੇ ਹੱਕਾਂ ਤੋਂ ਵਾਂਝਾ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਮੂਲ ਨਿਵਾਸੀ ਦੇ ਹਿੱਤ ਵਿੱਚ ਹਨ, ਪੰਜਾਬ ਸਾਡੇ ਪੁਰਖਿਆਂ ਦੀ ਨਿਸ਼ਾਨੀ ਹੈ, ਕਿਸੇ ਦੀ ਜਾਇਦਾਦ ਨਹੀਂ, ਆਓ ਆਪਣੇ ਸੂਬੇ ਦੇ ਭਵਿੱਖ ਲਈ ਆਪਣੀ ਫਸਲ ਅਤੇ ਨਸਲ ਬਚਾਉਣ ਲਈ ਜਾਗਰੂਕ ਹੋਈਏ ਅਤੇ ਪੰਜਾਬ ਦੇ ਹੱਕਾਂ ਦੀ ਰਾਖੀ ਆਵਾਜ਼ ਬੁਲੰਦ ਕਰੀਏ। ਇਸ ਗੰਭੀਰ ਮੁੱਦੇ ਤੇ ਸਾਨੂੰ ਸੋਚਣ ਦੀ ਲੋੜ ਹੈ ਭਵਿੱਖ ਵਿੱਚ ਇਨ੍ਹਾਂ ਨੂੰ ਵੋਟ ਬੈਂਕ ਬਣਾ ਕੇ ਪੰਜਾਬ ਦੀ ਸਿਆਸਤ ਅਤੇ ਫੈਸਲਿਆਂ ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ। ਇਸ ਪ੍ਰਵਾਸ ਨਾਲ ਸਾਨੂੰ ਕੀ ਮਿਲ ਰਿਹਾ ਹੈ, ਪੰਜਾਬ ਦੀ ਪਹਿਚਾਨ ਨੂੰ ਖਤਰਾ ਪੈਦਾ ਹੋ ਰਿਹਾ ਹੈ, ਸਾਡੀ ਮਾਂ ਬੋਲੀ ਪੰਜਾਬੀ ਸਾਡੇ ਅਮੀਰ ਵਿਰਸੇ ਸੱਭਿਆਚਾਰਕ ਅਤੇ ਸਦੀਆਂ ਪੁਰਾਣੇ ਰੀਤੀ ਰਿਵਾਜ ਸਾਹਮਣੇ ਇੱਕ ਵੱਡੀ ਚੁਣੌਤੀ ਖੜੀ ਹੋ ਗਈ ਹੈ।



### ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਨੇ

# ਪਰਮਜੀਤ ਸਿੰਘ ਵੀਰਜੀ ਨੂੰ ਪਾਰਟੀ ਦਾ ਬੁਲਾਰਾ ਨਿਯੁਕਤ ਕੀਤਾ



**ਨਵੀਂ ਦਿੱਲੀ 13 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਵੱਲੋਂ ਪਰਮਜੀਤ ਸਿੰਘ ਵੀਰਜੀ ਨੂੰ ਪਾਰਟੀ ਦਾ ਬੁਲਾਰਾ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਤੋਂ ਬਾਅਦ ਪਰਮਜੀਤ ਸਿੰਘ ਵੀਰਜੀ ਨੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ, ਪਾਰਟੀ ਹਾਈਕਮਾਂਡ ਅਤੇ ਸਮੂਹ ਸੰਗਠਨ ਦਾ ਦਿਲੋਂ ਧੰਨਵਾਦ ਅਤੇ ਆਭਾਰ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਉੱਤੇ ਜਤਾਏ ਗਏ ਵਿਸ਼ਵਾਸ ’ਤੇ ਖਰਾ ਉਤਰਣ ਲਈ ਉਹ ਪੂਰੀ ਨਿਸ਼ਠਾ ਅਤੇ ਸਮਰਪਣ ਨਾਲ ਕੰਮ ਕਰਨਗੇ। ਉਨ੍ਹਾਂ ਦਾਅਵਾ ਕੀਤਾ ਕਿ ਪੰਥਕ ਮੁੱਦਿਆਂ, ਧਰਮ ਪ੍ਰਚਾਰ ਲਹਿਰ, ਸਿੱਖ ਹਿੱਤਾਂ, ਕੌਮੀ ਏਕਤਾ ਅਤੇ ਜਨ ਸੇਵਾ ਦੇ ਕਾਰਜਾਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣਾ ਉਨ੍ਹਾਂ ਦੀ ਪਹਿਲ ਰਹੇਗੀ। ਜਿਕਰਯੋਗ ਹੈ ਕਿ ਪਰਮਜੀਤ ਸਿੰਘ ਵੀਰਜੀ ਲੰਬੇ ਸਮੇਂ ਤੋਂ ਧਾਰਮਿਕ, ਸਮਾਜਿਕ ਅਤੇ ਲੋਕ ਭਲਾਈ ਦੇ ਕਾਰਜਾਂ ਨਾਲ ਜੁੜੇ ਹੋਏ ਹਨ। ਉਹ ਦਿੱਲੀ ਦੇ ਵੱਖ-ਵੱਖ ਇਲਾਕਿਆਂ ਵਿੱਚ ਧਰਮ ਪ੍ਰਚਾਰ ਦੀ ਲਹਿਰ ਨੂੰ ਸਰਗਰਮੀ ਨਾਲ ਅੱਗੇ ਵਧਾ ਰਹੇ ਹਨ ਅਤੇ ਗੁਰਬਾਣੀ ਦੇ ਪ੍ਰਚਾਰ, ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ, ਬੱਚਿਆਂ ਦੀਆਂ ਸਕੂਲ ਫੀਸਾਂ, ਕਾਪੀਆਂ-ਕਿਤਾਬਾਂ, ਬਿਮਾਰਾਂ ਲਈ ਇਲਾਜ ਵਿਚ ਮਦਦ ਅਤੇ ਹੋਰ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਇਥੇ ਦਸਣਯੋਗ ਹੈ ਕਿ ਉਹ ਪਹਿਲਾਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਕੋ-ਚੇਅਰਮੈਨ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ। ਉਸ ਸਮੇਂ ਵੀ ਕਮੇਟੀ ਦੀ ਅਗਵਾਈ ਸਰਦਾਰ ਪਰਮਜੀਤ ਸਿੰਘ ਸਰਨਾ ਕਰ ਰਹੇ ਸਨ। ਪਾਰਟੀ ਵਰਕਰਾਂ ਅਤੇ ਆਗੂਆਂ ਨੇ ਇਸ ਨਿਯੁਕਤੀ ਦਾ ਸਵਾਗਤ ਕਰਦਿਆਂ ਆਸ ਪ੍ਰਗਟਾਈ ਹੈ ਕਿ ਪਰਮਜੀਤ ਸਿੰਘ ਵੀਰਜੀ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਸਫਲਤਾਪੂਰਵਕ ਨਿਭਾਉਂਦੇ ਹੋਏ ਪਾਰਟੀ ਅਤੇ ਪੰਥ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਲੋਕਾਂ ਤੱਕ ਪਹੁੰਚਾਉਣਗੇ। ਇਸ ਮੌਕੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਮੌਜੂਦਾ ਮੈਂਬਰ ਮੰਜੀਤ ਸਿੰਘ ਜੀਕੇ, ਸਤਨਾਮ ਸਿੰਘ ਖੀਵਾ, ਯੂਥ ਵਿੰਗ ਪ੍ਰਧਾਨ ਰਮਨਦੀਪ ਸਿੰਘ ਸੋਨੂੰ ਵੀ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦਵਿੰਦਰ ਸਿੰਘ ਮੱਲੀ ਵੱਲੋਂ ਸਪੇਨ ਦੇ ਵਲੈਨਸੀਆ ਸ਼ਹਿਰ ਵਿੱਚ

# ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਯੂਨਿਟ ਸਥਾਪਿਤ







**ਵਲੈਨਸੀਆ (ਸਪੇਨ) 13 ਜੂਨ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਸਪੇਨ ਆਗੂ ਭਾਈ ਦਵਿੰਦਰ ਸਿੰਘ ਮੱਲੀ ਦੀ ਅਗਵਾਈ ਹੇਠ ਪਾਰਟੀ ਨੂੰ ਅੰਤਰਰਾਸ਼ਟਰੀ ਪੱਧਰ ’ਤੇ ਹੋਰ ਮਜ਼ਬੂਤ ਕਰਨ ਦੀ ਮੁਹਿੰਮ ਲਗਾਤਾਰ ਜਾਰੀ ਹੈ। ਇਸੇ ਕੜੀ ਤਹਿਤ ਵਲੈਨਸੀਆ ਵਿਖੇ ਕਈ ਪ੍ਰਮੁੱਖ ਪੰਜਾਬੀ ਸਖਸ਼ੀਅਤਾਂ ਅਤੇ ਪਰਿਵਾਰਾਂ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਵਿਚਾਰਧਾਰਾ ਵਿੱਚ ਵਿਸ਼ਵਾਸ ਪ੍ਰਗਟਾਉਂਦਿਆਂ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਜਸਬੀਰ ਸਿੰਘ ਢਿੱਲੋਂ, ਸ੍ਰੀ ਗੁਰਪ੍ਰੀਤ ਸਿੰਘ ਪੱਡਾ, ਸ੍ਰੀ ਮਨਜੀਤ ਸਿੰਘ, ਸ੍ਰੀ ਪਰਮਜੀਤ ਸਿੰਘ, ਸ੍ਰੀ ਗੁਰਜੀਤ ਸਿੰਘ ਬਾਜਵਾ ਅਤੇ ਸ੍ਰੀ ਸੁਰਿੰਦਰ ਸਿੰਘ ਧਨੋਆ ਨੇ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਮੂਲੀਅਤ ਕਰਕੇ ਪਾਰਟੀ ਦੀ ਮਜ਼ਬੂਤੀ ਵੱਲ ਇਕ ਹੋਰ ਕਦਮ ਵਧਾਇਆ। ਭਾਈ ਦਵਿੰਦਰ ਸਿੰਘ ਮੱਲੀ ਨੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਅੱਜ ਦੁਨੀਆ ਭਰ ਵਿੱਚ ਵਸਦੇ ਪੰਜਾਬੀ ਭਾਈਚਾਰੇ ਦੀ ਨਜ਼ਰ ਪੰਜਾਬ ਦੇ ਭਵਿੱਖ ਉੱਤੇ ਟਿਕੀ ਹੋਈ ਹੈ। ਪੰਜਾਬ ਨੂੰ ਦਰਪੇਸ਼ ਗੰਭੀਰ ਚੁਣੌਤੀਆਂ, ਨੌਜਵਾਨੀ ਦੀ ਹੋ ਰਹੀ ਬਰਬਾਦੀ, ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ, ਧਾਰਮਿਕ ਅਤੇ ਸਮਾਜਿਕ ਮੁੱਦਿਆਂ ਦੇ ਹੱਲ ਲਈ ਇੱਕ ਮਜ਼ਬੂਤ ਪੰਥਕ ਅਤੇ ਲੋਕ ਪੱਖੀ ਲਹਿਰ ਦੀ ਲੋੜ ਹੈ, ਜਿਸ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਬਾਖੂਬੀ ਅੱਗੇ ਲੈ ਕੇ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਵੱਲੋਂ ਪੰਜਾਬ, ਪੰਥ ਅਤੇ ਨੌਜਵਾਨੀ ਦੇ ਹੱਕਾਂ ਲਈ ਚੁੱਕੀ ਗਈ ਆਵਾਜ਼ ਨੇ ਦੁਨੀਆ ਭਰ ਦੇ ਪੰਜਾਬੀਆਂ ਨੂੰ ਪ੍ਰਭਾਵਿਤ ਕੀਤਾ ਹੈ। ਭਾਵੇਂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅੱਜ ਜੇਲ੍ਹ ਵਿੱਚ ਬੰਦ ਹਨ, ਪਰ ਉਨ੍ਹਾਂ ਦੀ ਸੋਚ ਅਤੇ ਸੰਘਰਸ਼ ਨੇ ਲੋਕਾਂ ਦੇ ਦਿਲਾਂ ਵਿੱਚ ਇੱਕ ਨਵੀਂ ਆਸ ਪੈਦਾ ਕੀਤੀ ਹੈ। ਇਹੀ ਕਾਰਨ ਹੈ ਕਿ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਵੱਡੀ ਗਿਣਤੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜ ਰਹੇ ਹਨ। ਭਾਈ ਮੱਲੀ ਨੇ ਕਿਹਾ ਕਿ ਪਾਰਟੀ ਨੂੰ ਯੂਰਪ ਸਮੇਤ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਪੰਜਾਬ ਦੇ ਹੱਕਾਂ ਦੀ ਆਵਾਜ਼ ਨੂੰ ਅੰਤਰਰਾਸ਼ਟਰੀ ਮੰਚਾਂ ਤੱਕ ਪਹੁੰਚਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਮਰਥਕਾਂ ਅਤੇ ਪੰਜਾਬ ਪ੍ਰਤੀ ਚਿੰਤਤ ਲੋਕਾਂ ਦੇ ਸਹਿਯੋਗ ਨਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਇੱਕ ਮਜ਼ਬੂਤ ਪੰਥਕ ਸਰਕਾਰ ਬਣਾਉਣ ਲਈ ਪੂਰੀ ਤਾਕਤ ਨਾਲ ਕੰਮ ਕੀਤਾ ਜਾ ਰਿਹਾ ਹੈ। ਨਵੇਂ ਸ਼ਾਮਲ ਹੋਏ ਸਾਥੀਆਂ ਨੇ ਵੀ ਇਸ ਮੌਕੇ ਪਾਰਟੀ ਦੀ ਵਿਚਾਰਧਾਰਾ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਉਹ ਪੰਜਾਬ, ਪੰਥ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਮਜ਼ਬੂਤ ਕਰਨ ਵਾਸਤੇ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਹਾਜ਼ਰ ਆਗੂਆਂ ਅਤੇ ਵਰਕਰਾਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਪੰਜਾਬ ਅਤੇ ਪੰਥ ਦੇ ਹੱਕਾਂ ਲਈ ਚੱਲ ਰਹੀ ਇਹ ਲਹਿਰ ਆਉਣ ਵਾਲੇ ਸਮੇਂ ਵਿੱਚ ਹੋਰ ਵੱਡੇ ਜਨ ਸਮਰਥਨ ਦਾ ਰੂਪ ਧਾਰੇਗੀ ਅਤੇ ਪੰਜਾਬ ਦੀ ਸਿਆਸਤ ਵਿੱਚ ਇੱਕ ਨਵਾਂ ਇਤਿਹਾਸ ਸਿਰਜੇਗੀ।

**ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਕਈ ਪ੍ਰਮੁੱਖ ਪੰਜਾਬੀ ਪਰਿਵਾਰ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜੇ**

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਬਖ਼ਸ਼ ਸਿੰਘ ਰੰਧਾਵਾ ਬਣੇ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਹਲਕਾ ਪ੍ਰਧਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਅੰਦਰ ਪਾਰਟੀ ਦੇ ਜਥੇਬੰਦਕ ਢਾਚੇ ਨੂੰ ਮਜਬੂਤ ਕਰਨ ਦੇ ਲਈ ਵੱਖ-ਵੱਖ ਵਿੰਗਾ ਦੇ ਪ੍ਰਧਾਨ ਨਿਯੁਕਤ ਕਰਕੇ ਉਹਨਾਂ ਨੂੰ ਵੱਡੀਆਂ ਜਿੰਮੇਦਾਰੀਆਂ ਦਿੱਤੀਆਂ ਜਾ ਰਹੀਆਂ ਹਨ । ਇਸੇ ਹੀ ਤਹਿਤ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਧੂਰੀ ਤੋਂ ਇੰਚਾਰਜ ਸ, ਰਣਜੀਤ ਸਿੰਘ ਰੰਧਾਵਾ ਦੇ ਭਤੀਜੇ ਸ, ਗੁਰਬਖਸ਼ ਸਿੰਘ ਰੰਧਾਵਾ ਨੂੰ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਹਲਕਾ ਧੂਰੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਗੁਰਬਖਸ਼ ਸਿੰਘ ਰੰਧਾਵਾ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ, ਪਾਰਟੀ ਦੀ ਚੜਦੀ ਕਲਾਂ ਲਈ ਦਿਨ ਰਾਤ ਮਿਹਨਤ ਕਰਨਗੇ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਅਹਿਮ ਭੂਮਿਕਾ ਨਿਭਾਏਗਾ। ਉਹਨਾਂ ਕਿਹਾ ਕਿ ਉਹ ਪਾਰਟੀ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ, ਯੂਥ ਵਿੰਗ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਸ਼੍ਰੋਮਣੀ ਅਕਾਲੀ ਦਲ ਦੀ ਜਨਰਲ ਸਕੱਤਰ ਵਿੰਨਰਜੀਤ ਸਿੰਘ ਗੋਲਡੀ, ਜ਼ਿਲਾ ਪ੍ਰਧਾਨ ਤਜਿੰਦਰ ਸਿੰਘ ਸੰਘਰੇੜੀ, ਯੂਥ ਵਿੰਗ ਜਿਲ੍ਹਾ ਪ੍ਰਧਾਨ ਹਰਪਾਲ ਸਿੰਘ ਖੜਿਆਲ ਅਤੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦਾ ਦਿਲ ਦੀਆਂ ਗਹਿਰਾਈਆਂ ਚੋ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਬਾਬਾ ਬਾਲਕ ਨਾਥ ਸੁਸਾਇਟੀ ਵੱਲੋਂ ਠੰਡੇ ਪਾਣੀ ਦੀ ਛਬੀਲ ਲਾ ਕੇ ਬੂਟੇ ਵੰਡੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਬਾਬਾ ਬਾਲਕ ਨਾਥ ਵੈਲਫੇਅਰ ਸੁਸਾਇਟੀ (ਰਜਿ.) ਧੂਰੀ ਵੱਲੋਂ ਸਮਾਜ ਸੇਵਾ ਅਤੇ ਵਾਤਾਵਰਣ ਸੰਭਾਲ ਨੂੰ ਸਮਰਪਿਤ ਇੱਕ ਵਿਸ਼ੇਸ਼ ਉਪਰਾਲੇ ਤਹਿਤ ਧੂਰੀ ਬੱਸ ਸਟੈਂਡ ਨੇੜੇ ਠੰਡੇ ਪਾਣੀ ਦੀ ਛਬੀਲ ਲਗਾਈ ਗਈ। ਤਪਦੀ ਗਰਮੀ ਵਿੱਚ ਵੱਡੀ ਗਿਣਤੀ ਵਿੱਚ ਰਾਹਗੀਰਾਂ ਅਤੇ ਆਮ ਲੋਕਾਂ ਨੇ ਛਬੀਲ ਦਾ ਲਾਭ ਉਠਾਇਆ ਅਤੇ ਸੁਸਾਇਟੀ ਦੇ ਇਸ ਸੇਵਾ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ। ਛਬੀਲ ਦੌਰਾਨ ਕਮੇਟੀ ਮੈਂਬਰਾਂ ਨੇ ਪੂਰੀ ਤਨਦੇਹੀ ਅਤੇ ਸੇਵਾ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਈਆਂ। ਸੁਸਾਇਟੀ ਦੇ ਪ੍ਰਧਾਨ ਸਤਵੀਰ ਸਿੰਘ ਰਿੰਕੂ ਭੱਟੀ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡਾ ਧਰਮ ਹੈ ਅਤੇ ਸੰਸਥਾ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲੋਕ ਭਲਾਈ ਦੇ ਕਾਰਜ ਨਿਰੰਤਰ ਜਾਰੀ ਰੱਖੇਗੀ। ਇਸ ਮੌਕੇ “ਰੁੱਖ ਲਗਾਓ, ਜੀਵਨ ਬਚਾਓ” ਮੁਹਿੰਮ ਤਹਿਤ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੰਦਿਆਂ ਲੋਕਾਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਸੁਸਾਇਟੀ ਵੱਲੋਂ ਕਿਹਾ ਗਿਆ ਕਿ ਵੱਧ ਰਹੀ ਗਰਮੀ, ਪ੍ਰਦੂਸ਼ਣ ਅਤੇ ਬਦਲਦੇ ਮੌਸਮੀ ਹਾਲਾਤਾਂ ਤੋਂ ਬਚਣ ਲਈ ਹਰ ਵਿਅਕਤੀ ਨੂੰ ਰੁੱਖ ਲਗਾਉਣੇ ਚਾਹੀਦੇ ਹਨ, ਕਿਉਂਕਿ ਰੁੱਖ ਹੀ ਸਾਨੂੰ ਸਾਫ਼ ਹਵਾ, ਠੰਢੀ ਛਾਂ ਅਤੇ ਸਿਹਤਮੰਦ ਵਾਤਾਵਰਣ ਪ੍ਰਦਾਨ ਕਰਦੇ ਹਨ। ਇਸ ਦੌਰਾਨ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਧੂਰੀ ਅਤੇ ਐੱਮ.ਸੀ. ਸੰਦੀਪ ਬਾਂਸਲ ਦੀ ਹਾਜ਼ਰੀ ਵਿੱਚ ਲੋਕਾਂ ਨੂੰ ਮੁਫ਼ਤ ਬੂਟੇ ਵੀ ਵੰਡੇ ਗਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਪਰਿਵਾਰ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਏ ਅਤੇ ਉਸ ਦੀ ਸੰਭਾਲ ਵੀ ਕਰੇ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਹਰਿਆ-ਭਰਿਆ ਅਤੇ ਸਾਫ਼-ਸੁਥਰਾ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ। ਸਮਾਗਮ ਦੌਰਾਨ ਸੁਸਾਇਟੀ ਦੇ ਸਰਪ੍ਰਸਤ ਪਰਗਟ ਸਿੰਘ ਭੱਟੀ, ਪ੍ਰਧਾਨ ਸਤਵੀਰ ਸਿੰਘ ਰਿੰਕੂ ਭੱਟੀ, ਪ੍ਰੇਮ ਕੁਮਾਰ, ਨਰਿੰਦਰ ਧਵਨ, ਕਿਸ਼ੋਰ ਮਿੱਤਲ, ਵਿਜੈ ਕੁਮਾਰ, ਹਰਸਦੀਪ ਸਿੰਘ, ਆਦਿੱਤਿਆ ਅਗਰਵਾਲ ਅਤੇ ਅਰਸ ਟੈਲੀਕਾਮ ਸਮੇਤ ਹੋਰ ਕਲੱਬ ਮੈਂਬਰਾਂ ਨੇ ਸਰਗਰਮ ਭੂਮਿਕਾ ਨਿਭਾਈ। ਅੰਤ ਵਿੱਚ ਕਲੱਬ ਦੇ ਪ੍ਰਧਾਨ ਸਤਵੀਰ ਸਿੰਘ ਰਿੰਕੂ ਭੱਟੀ ਨੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਸਾਰੇ ਕਲੱਬ ਮੈਂਬਰਾਂ, ਸੇਵਾਦਾਰਾਂ ਅਤੇ ਸਹਿਯੋਗੀਆਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੈਂਬਰਾਂ ਦੀ ਨਿਸ਼ਕਾਮ ਸੇਵਾ ਅਤੇ ਸਮਰਪਣ ਸਦਕਾ ਹੀ ਅਜਿਹੇ ਲੋਕ ਭਲਾਈ ਦੇ ਉਪਰਾਲੇ ਸਫ਼ਲ ਹੁੰਦੇ ਹਨ ਅਤੇ ਭਵਿੱਖ ਵਿੱਚ ਵੀ ਸੁਸਾਇਟੀ ਸਮਾਜ ਸੇਵਾ, ਵਾਤਾਵਰਣ ਸੰਭਾਲ ਅਤੇ ਲੋਕ ਹਿੱਤ ਦੇ ਕਾਰਜ ਇਸੇ ਜਜ਼ਬੇ ਨਾਲ ਜਾਰੀ ਰੱਖੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਨੂੰ ਆਪ ਵਿਚ ਵੱਡੀ ਜਿੰਮੇਵਾਰੀ ਦੇਣ ਦੀ ਉੱਠਣ ਲੱਗੀ ਮੰਗ



ਜੰਡਿਆਲਾ ਗੁਰੂ 13 ਜੂਨ ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਵਿਚ ਸਾਫ ਸੁਥਰੀ ਛਵੀ ਦੇ ਮਾਲਕ, ਲੋਕਾਂ ਦੇ ਹਮਦਰਦ, ਮਿਹਨਤੀ ਪੜੇ ਲਿਖੇ ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਨੂੰ ਪਾਰਟੀ ਜਾਂ ਸਰਕਾਰ ਵਿਚ ਕੋਈ ਵੱਡੀ ਜਿੰਮੇਵਾਰੀ ਸੌਂਪਣ ਦੀ ਮੰਗ ਉਠਣੀ ਸ਼ੁਰੂ ਹੋ ਗਈ ਹੈ ।ਮਲਹੋਤਰਾ ਦੇ ਪ੍ਰਸੰਸਕਾਂ ਵਲੋ ਦਸਿਆ ਜਾ ਰਿਹਾ ਹੈ ਕਿ ਐਡਵੋਕੇਟ ਅਮਨਦੀਪ ਸਿੰਘ ਵਲੋ ਆਪਣੇ ਤੌਰ ਤੇ ਗਰੀਬ ਲੋੜਵੰਦ ਵਿਅਕਤੀਆਂ ਦੀ ਮਦਦ ਪਿਛਲੇ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਹੈ ਜਿਸ ਵਿਚ ਬਜ਼ੁਰਗਾਂ ਨੂੰ 300 ਰੁਪਏ ਮਹੀਨਾ ਪੈਨਸ਼ਨ, ਵਿਧਵਾ ਔਰਤ ਨੂੰ ਹਰ ਮਹੀਨੇ ਰਾਸ਼ਨ ਅਤੇ ਜਿਸ ਪਰਿਵਾਰ ਦੀਆਂ 2-3 ਬੇਟੀਆ ਹਨ ਉਨ੍ਹਾਂ ਨੂੰ ਪੜਾਈ ਲਈ ਫ੍ਰੀ ਕਾਪੀਆਂ ਪੈੱਨ ਪੈਨਸਿਲ ਆਦਿ ਦਿੱਤਾ ਜਾਂਦਾ ਹੈ ।ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋਕੇ ਹੀ ਓਹਨਾਂ ਨੇ ਪਾਰਟੀ ਵਿਚ ਸ਼ਾਮਿਲ ਹੋਕੇ ਇਸਤੋਂ ਵੀ ਵੱਡੀ ਸੇਵਾ ਕਰਨ ਦਾ ਮਨ ਬਣਾਇਆ ਹੈ ।ਇਥੇ ਇਹ ਦਸਣਯੋਗ ਹੈ ਬੀਤੀਆਂ ਨਗਰ ਕੌਂਸਲ ਚੋਣਾਂ ਦੌਰਾਨ ਐਡਵੋਕੇਟ ਅਮਨਦੀਪ ਸਿੰਘ ਨੇ ਆਮ ਆਦਮੀ ਪਾਰਟੀ ਵਲੋ ਪਹਿਲੀ ਵਾਰ ਵਾਰਡ ਨੰਬਰ 12 ਤੋਂ ਚੋਣ ਲੜੀ ਗਈ ਸੀ ਅਤੇ 450 ਦੇ ਕਰੀਬ ਵੋਟਾਂ ਲੈਕੇ ਵਿਰੋਧੀ ਧਿਰ ਕੋਲੋ ਹਾਰ ਗਏ ਸਨ ।ਮਲਹੋਤਰਾ ਦੇ ਪ੍ਰਸੰਸਕਾਂ ਦਾ ਮੰਨਣਾ ਹੈ ਕਿ ਲੋਕਾਂ ਪ੍ਰਤੀ ਓਹਨਾਂ ਦੀ ਸੇਵਾ ਭਾਵਨਾ ਨੂੰ ਦੇਖਦੇ ਹੋਏ ਪਾਰਟੀ ਜਾਂ ਸਰਕਾਰ ਵਿਚ ਕੋਈ ਵੱਡਾ ਅਹੁਦਾ ਦੇਕੇ ਓਹਨਾਂ ਨੂੰ ਨਿਵਾਜਣਾ ਚਾਹੀਦਾ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਸਾਲਾਨਾ ਬਰਸੀ ਸ਼੍ਰੀ ਮਾਨ ਸੰਤ ਬਾਬਾ ਪ੍ਰੇਮ ਸਿੰਘ ਸਾਹਿਬ ਜੀ ਮੁਰਾਲੇ ਵਾਲਿਆਂ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 13 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 14 ਜੂਨ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਬੀਬੀ ਬਲਜੀਤ ਕੌਰ ਬੈਰਗਾਮੋ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




# ਪੰਥ ਬਚਾਓ ਪੰਜਾਬ ਬਚਾਓ ਦੇ ਤਹਿਤ

## ਅਕਾਲੀ ਦਲ ਵਾਰਿਸ ਪੰਜਾਬ ਦਾ ਵੱਧਦਾ ਹੋਇਆ ਕਾਫ਼ਲਾ

## ਭਾਈ ਦਵਿੰਦਰ ਸਿੰਘ ਮੱਲੀ ਦੀ ਅਗਵਾਈ ਵਿੱਚ ਸਪੇਨ ਦੇ ਵਲੈਂਸੀਆਂ ਸ਼ਹਿਰ ਦੀਆਂ ਕਈ ਪ੍ਰਮੁੱਖ ਸ਼ਖਸੀਅਤਾਂ ਪਾਰਟੀ ਨਾਲ ਜੁੜੀਆਂ

ਗੁਰਦੁਆਰਾ ਬਾਬਾ ਗੁਰਬਖ਼ਸ਼ ਸਿੰਘ ਵਿਖੇ ਬੇਅਦਬੀ ਮਾਮਲੇ ਵਿੱਚ ਪੁਰਾਣੀਆਂ ਧਾਰਾਵਾਂ ਲਗਾਉਣਾ ਨਵੇਂ ਕਾਨੂੰਨ ਦੀ ਭਾਵਨਾ ਦੇ ਉਲਟ: ਭਾਈ ਗੁਰਦੇਵ ਸਿੰਘ ਕੋਹਾੜਕਾ

# ਮਾਮਲਾ ਨਵੇਂ ਕਾਨੂੰਨ ਜਾਗ੍ਰਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਤਹਿਤ ਹੋਵੇ ਦਰਜ



**ਨਵੀਂ ਦਿੱਲੀ 13 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਗੁਰਦੁਆਰਾ ਬਾਬਾ ਗੁਰਬਖ਼ਸ਼ ਸਿੰਘ ਵਿਖੇ ਬੀਤੇ ਦਿਨ ਵਾਪਰੀ ਬੇਅਦਬੀ ਦੀ ਘਟਨਾ ਸਬੰਧੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਲਗਾਤਾਰ ਵਾਪਰ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮਾਮਲਿਆਂ ਵਿੱਚ ਸੱਚਾਈ ਨੂੰ ਸਾਹਮਣੇ ਲਿਆਉਣ ਅਤੇ ਅਸਲ ਦੋਸ਼ੀਆਂ ਨੂੰ ਬੇਨਕਾਬ ਕਰਨ ਲਈ ਲੋੜੀਂਦੀ ਗੰਭੀਰਤਾ ਅਜੇ ਤੱਕ ਨਹੀਂ ਦਿਖਾਈ ਗਈ। ਭਾਈ ਕੋਹਾੜਕਾ ਨੇ ਕਿਹਾ ਕਿ ਜਦੋਂ ਤੱਕ ਪਿਛਲੀਆਂ ਬੇਅਦਬੀ ਘਟਨਾਵਾਂ ਦੀ ਨਿਰਪੱਖ ਜਾਂਚ ਕਰਕੇ ਸੱਚਾਈ ਸਾਹਮਣੇ ਨਹੀਂ ਲਿਆਂਦੀ ਜਾਂਦੀ ਅਤੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਨਹੀਂ ਮਿਲਦੀ, ਉਦੋਂ ਤੱਕ ਅਜਿਹੀਆਂ ਘਟਨਾਵਾਂ ਦੇ ਦੁਹਰਾਏ ਜਾਣ ਦਾ ਖ਼ਤਰਾ ਬਣਿਆ ਰਹੇਗਾ। 2015 ਦੀਆਂ ਬੇਅਦਬੀ ਘਟਨਾਵਾਂ ਤੋਂ ਲੈ ਕੇ ਦਰਬਾਰ ਸਾਹਿਬ ਕੰਪਲੈਕਸ ਅਤੇ ਹੋਰ ਥਾਵਾਂ 'ਤੇ ਵਾਪਰੀਆਂ ਘਟਨਾਵਾਂ ਬਾਰੇ ਅੱਜ ਵੀ ਸੰਗਤ ਇਹ ਜਾਣਨਾ ਚਾਹੁੰਦੀ ਹੈ ਕਿ ਅਸਲ ਦੋਸ਼ੀ ਕੌਣ ਸਨ ਅਤੇ ਉਨ੍ਹਾਂ ਦੇ ਪਿੱਛੇ ਕਿਹੜੀਆਂ ਤਾਕਤਾਂ ਸਰਗਰਮ ਸਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਬਾਬਾ ਗੁਰਬਖ਼ਸ਼ ਸਿੰਘ ਵਿਖੇ ਹੋਈ ਤਾਜ਼ਾ ਬੇਅਦਬੀ ਦੀ ਘਟਨਾ ਵਿੱਚ ਭਾਰਤੀ ਨਿਆਂ ਸੰਹਿਤਾ ਦਾ ਨਵਾਂ ਖਰੜਾ ਲਾਗੂ ਹੋਣ ਦੇ ਬਾਵਜੂਦ ਪੁਰਾਣੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਜਾਣਾ ਨਵੇਂ ਕਾਨੂੰਨੀ ਢਾਂਚੇ ਦੀ ਭਾਵਨਾ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਜਦੋਂ ਨਵਾਂ ਫੌਜਦਾਰੀ ਕਾਨੂੰਨੀ ਢਾਂਚਾ ਲਾਗੂ ਹੋ ਚੁੱਕਾ ਹੈ ਤਾਂ ਅਜਿਹੇ ਸੰਵੇਦਨਸ਼ੀਲ ਅਤੇ ਗੰਭੀਰ ਮਾਮਲਿਆਂ ਵਿੱਚ ਕਾਰਵਾਈ ਵੀ ਮੌਜੂਦਾ ਕਾਨੂੰਨ ਅਨੁਸਾਰ ਹੀ ਕੀਤੀ ਜਾਣੀ ਚਾਹੀਦੀ ਹੈ। ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਪੰਜਾਬ ਰਾਜ ਸਰਕਾਰ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੀ ਕਾਨੂੰਨੀ ਪੱਖੋਂ ਮੁੜ ਸਮੀਖਿਆ ਕਰਵਾਈ ਜਾਵੇ ਅਤੇ ਮਾਮਲੇ ਨੂੰ ਭਾਰਤੀ ਨਿਆਂ ਸੰਹਿਤਾ ਦੀਆਂ ਸੰਬੰਧਿਤ ਸੋਧ ਕੀਤੀਆਂ ਧਾਰਾਵਾਂ ਤਹਿਤ ਦਰਜ ਕਰਕੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਬੇਅਦਬੀ ਵਰਗੇ ਮਾਮਲਿਆਂ ਵਿੱਚ ਕਾਨੂੰਨੀ ਅਸਪਸ਼ਟਤਾ ਜਾਂ ਲਾਪਰਵਾਹੀ ਕਿਸੇ ਵੀ ਹਾਲਤ ਵਿੱਚ ਸਵੀਕਾਰ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਬੇਅਦਬੀ ਦੀ ਹਰ ਘਟਨਾ ਸਿਰਫ਼ ਇੱਕ ਅਪਰਾਧ ਨਹੀਂ, ਸਗੋਂ ਕਰੋੜਾਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ 'ਤੇ ਸਿੱਧਾ ਹਮਲਾ ਹੈ। ਇਸ ਲਈ ਪੰਜਾਬ ਰਾਜ ਸਰਕਾਰ, ਜਾਂਚ ਏਜੰਸੀਆਂ ਅਤੇ ਸੰਬੰਧਿਤ ਸੰਸਥਾਵਾਂ ਨੂੰ ਚਾਹੀਦਾ ਹੈ ਕਿ ਉਹ ਹਰ ਬੇਅਦਬੀ ਮਾਮਲੇ ਦੀ ਪਾਰਦਰਸ਼ੀ, ਨਿਰਪੱਖ ਅਤੇ ਸਮੇਂਬੱਧ ਜਾਂਚ ਯਕੀਨੀ ਬਣਾਉਣ, ਸੱਚਾਈ ਨੂੰ ਸੰਗਤ ਸਾਹਮਣੇ ਲਿਆਉਣ ਅਤੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿਵਾਉਣ। ਭਾਈ ਕੋਹਾੜਕਾ ਨੇ ਕਿਹਾ ਕਿ ਜੇਕਰ ਬੇਅਦਬੀ ਦੇ ਮਾਮਲਿਆਂ ਵਿੱਚ ਇਨਸਾਫ਼ ਅਤੇ ਜਵਾਬਦੇਹੀ ਨੂੰ ਯਕੀਨੀ ਨਾ ਬਣਾਇਆ ਗਿਆ ਤਾਂ ਸੰਗਤ ਦੇ ਮਨਾਂ ਵਿੱਚ ਮੌਜੂਦ ਸ਼ੱਕ-ਸੰਦੇਹ ਹੋਰ ਗਹਿਰੇ ਹੋਣਗੇ ਅਤੇ ਲੋਕਾਂ ਦਾ ਭਰੋਸਾ ਕਾਨੂੰਨੀ ਅਤੇ ਪ੍ਰਸ਼ਾਸਨਿਕ ਪ੍ਰਣਾਲੀ ਤੋਂ ਉੱਠਦਾ ਜਾਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਮੇਂ ਦੀ ਮੰਗ ਹੈ ਕਿ ਗੁਰਦੁਆਰਾ ਬਾਬਾ ਗੁਰਬਖ਼ਸ਼ ਸਿੰਘ ਵਿਖੇ ਹੋਈ ਤਾਜ਼ਾ ਬੇਅਦਬੀ ਦੀ ਘਟਨਾ ਸਮੇਤ ਸਾਰੇ ਲੰਬਿਤ ਬੇਅਦਬੀ ਮਾਮਲਿਆਂ ਦੀ ਸੱਚਾਈ ਸਾਹਮਣੇ ਲਿਆ ਕੇ ਕੌਮ ਨੂੰ ਇਨਸਾਫ਼ ਪ੍ਰਦਾਨ ਕੀਤਾ ਜਾਵੇ।

## ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ

# ਮਹਿਲਾ ਸਤਿਕਾਰ ਸਖੀਆਂ ਨੂੰ ਦਿੱਤੀ ਗਈ ਵਿਸ਼ੇਸ਼ ਟ੍ਰੇਨਿੰਗ



**ਜੰਡਿਆਲਾ ਗੁਰੂ, 13 ਜੂਨ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਆਰਥਿਕ ਸਸ਼ਕਤੀਕਰਨ ਅਤੇ ਸਮਾਜਿਕ ਸਨਮਾਨ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਅੱਜ ਜੰਡਿਆਲਾ ਗੁਰੂ ਵਿਖੇ ਇੰਦਰ ਫਾਰਮ ਵਿੱਚ ਮਹਿਲਾ ਸਤਿਕਾਰ ਸਖੀਆਂ ਲਈ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਕਰਵਾਇਆ ਗਿਆ। ਟ੍ਰੇਨਿੰਗ ਦੌਰਾਨ ਸਖੀਆਂ ਨੂੰ ਯੋਜਨਾ ਦੀਆਂ ਹਦਾਇਤਾਂ, ਯੋਗਤਾ ਮਾਪਦੰਡਾਂ, ਅਰਜ਼ੀ ਪ੍ਰਕਿਰਿਆ ਅਤੇ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

**1 ਜੁਲਾਈ ਤੋਂ ਯੋਗ ਮਹਿਲਾਵਾਂ ਨੂੰ ਮਿਲੇਗੀ ਮਹੀਨਾਵਾਰ ਆਰਥਿਕ ਸਹਾਇਤਾ : ਹਰਭਜਨ ਸਿੰਘ ਈ.ਟੀ.ਓ.**

ਇਸ ਮੌਕੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦੇ ਹੋਏ ਸਖੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸੇ ਉਦੇਸ਼ ਨਾਲ ਇਹ ਇਤਿਹਾਸਕ ਯੋਜਨਾ ਸ਼ੁਰੂ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਯੋਗ ਆਮ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ (ਐਸ.ਸੀ.) ਨਾਲ ਸਬੰਧਤ ਯੋਗ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਆਰਥਿਕ ਸਹਾਇਤਾ ਦੀ ਸ਼ੁਰੂਆਤ 1 ਜੁਲਾਈ 2026 ਤੋਂ ਕੀਤੀ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਯੋਜਨਾ ਨੂੰ ਸਫਲ ਬਣਾਉਣ ਲਈ ਸਰਕਾਰ ਵੱਲੋਂ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਲੋਕ ਸੇਵਾ ਲਈ ਮਹਿਲਾ ਸਤਿਕਾਰ ਸਖੀ ਵਜੋਂ ਆਪਣੀਆਂ ਸੇਵਾਵਾਂ ਦੇਣ ਦੀ ਇੱਛਾ ਪ੍ਰਗਟਾਈ ਸੀ, ਜਿਸ ਦੇ ਮੱਦੇਨਜ਼ਰ ਉਨ੍ਹਾਂ ਨੂੰ ਯੋਜਨਾ ਦੇ ਹਰ ਪਹਿਲੂ ਬਾਰੇ ਤਕਨੀਕੀ ਅਤੇ ਪ੍ਰਯੋਗਿਕ ਸਿਖਲਾਈ ਦਿੱਤੀ ਜਾ ਰਹੀ ਹੈ।ਟ੍ਰੇਨਿੰਗ ਦੌਰਾਨ ਮਾਸਟਰ ਟ੍ਰੇਨਰਾਂ ਅਤੇ ਸੁਪਰਵਾਈਜ਼ਰਾਂ ਵੱਲੋਂ ਸਖੀਆਂ ਨੂੰ ਫਾਰਮ ਭਰਨ ਦੀ ਪ੍ਰਕਿਰਿਆ, ਯੋਗਤਾ ਦੀਆਂ ਸ਼ਰਤਾਂ, ਲੋੜੀਂਦੇ ਦਸਤਾਵੇਜ਼ਾਂ, ਲਾਭਪਾਤਰੀਆਂ ਦੀ ਪਛਾਣ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਸਖੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਘਰ-ਘਰ ਜਾ ਕੇ ਯੋਗ ਮਹਿਲਾਵਾਂ ਤੱਕ ਯੋਜਨਾ ਦੀ ਜਾਣਕਾਰੀ ਪਹੁੰਚਾਉਣ ਅਤੇ ਉਨ੍ਹਾਂ ਨੂੰ ਯੋਜਨਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣ। ਉਨ੍ਹਾਂ ਕਿਹਾ ਕਿ ਟ੍ਰੇਨਿੰਗ ਦੇ ਪਹਿਲੇ ਦਿਨ 13 ਜੂਨ ਨੂੰ ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਦੇ 110 ਬੂਥਾਂ ਨਾਲ ਸਬੰਧਤ ਮਹਿਲਾ ਸਤਿਕਾਰ ਸਖੀਆਂ ਨੂੰ ਕਵਰ ਕੀਤਾ ਗਿਆ ਹੈ, ਜਦਕਿ ਬਾਕੀ ਰਹਿੰਦੇ 106 ਬੂਥਾਂ ਦੀਆਂ ਸਖੀਆਂ ਨੂੰ 14 ਜੂਨ ਨੂੰ ਟ੍ਰੇਨਿੰਗ ਦਿੱਤੀ ਜਾਵੇਗੀ।ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਗਾਰੰਟੀਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸਰਕਾਰ ਦੀਆਂ ਮਹੱਤਵਪੂਰਨ ਗਾਰੰਟੀਆਂ ਵਿੱਚੋਂ ਇੱਕ ਸੀ, ਜਿਸ ਨੂੰ ਹੁਣ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਇਸ ਯੋਜਨਾ ਨਾਲ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਵੱਡਾ ਸਹਾਰਾ ਮਿਲੇਗਾ ਅਤੇ ਉਹ ਆਪਣੇ ਪਰਿਵਾਰਾਂ ਦੀ ਆਰਥਿਕ ਮਜ਼ਬੂਤੀ ਵਿੱਚ ਹੋਰ ਪ੍ਰਭਾਵਸ਼ਾਲੀ ਯੋਗਦਾਨ ਪਾ ਸਕਣਗੀਆਂ।ਉਨ੍ਹਾਂ ਮਹਿਲਾ ਸਤਿਕਾਰ ਸਖੀਆਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਤਨਦੇਹੀ, ਜ਼ਿੰਮੇਵਾਰੀ ਅਤੇ ਸਮਰਪਣ ਨਾਲ ਕੰਮ ਕਰਦੇ ਹੋਏ ਯੋਜਨਾ ਦਾ ਲਾਭ ਹਰ ਯੋਗ ਮਹਿਲਾ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ।ਇਸ ਮੌਕੇ ਵਿਭਾਗ ਦੇ ਅਧਿਕਾਰੀ, ਮਾਸਟਰ ਟ੍ਰੇਨਰ, ਸੁਪਰਵਾਈਜ਼ਰ, ਮਹਿਲਾ ਸਤਿਕਾਰ ਸਖੀਆਂ ਅਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

# ਗੁਰਦੁਆਰਾ ਛੋਟੇ ਸਾਹਿਬਜ਼ਾਦਿਆਂ ਵਿਖੇ ਸ਼ਹੀਦਾਂ ਦੇ ਸਰਤਾਜ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ 18 ਜੂਨ ਨੂੰ ਹੋਣਗੇ ਵਿਸ਼ਾਲ ਗੁਰਮਤਿ ਸਮਾਗਮ

## ਗੁਰਦੁਆਰਾ ਸਾਹਿਬ ਚਲ ਰਹੀ ਲੜੀਵਾਰ ਸੰਥਿਆ ਬਣੀ ਖਿੱਚ ਦਾ ਕੇਂਦਰ



**ਨਵੀਂ ਦਿੱਲੀ 13 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ, ਫਤਿਹ ਸਿੰਘ ਜੀ, ਫਤਿਹ ਨਗਰ, ਦਿੱਲੀ ਵਿਖੇ ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 18 ਜੂਨ ਨੂੰ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਗੁਰਬਾਣੀ ਕੀਰਤਨ, ਗੁਰਮਤਿ ਵਿਚਾਰਾਂ ਅਤੇ ਗੁਰੂ ਮਹਿਮਾ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਸਮਾਗਮ ਦੌਰਾਨ ਪ੍ਰਸਿੱਧ ਕੀਰਤਨੀ ਜਥੇ ਭਾਈ ਗੁਰਕੀਰਤ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ, ਭਾਈ ਹਰਜੋਤ ਸਿੰਘ ਜੀ ਅਤੇ ਭਾਈ ਮਨਿੰਦਰ ਸਿੰਘ ਜੀ ਫਤਹਿਗੜ੍ਹ ਚੂੜੀਆਂ ਸ਼੍ਰੀ ਅੰਮ੍ਰਿਤਸਰ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਹਾਜ਼ਰੀ ਭਰਨ ਦੀ ਅਪੀਲ ਕੀਤੀ ਗਈ ਹੈ। ਗੁਰਦੁਆਰਾ ਸਾਹਿਬ ਵਿਖੇ ਇਨ੍ਹਾਂ ਦਿਨਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਲੜੀਵਾਰ ਸੰਥਿਆ ਵੀ ਬੜੀ ਸ਼ਰਧਾ ਅਤੇ ਨਿਯਮਬੱਧ ਢੰਗ ਨਾਲ ਚੱਲ ਰਹੀ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਹਿੱਸਾ ਲੈ ਕੇ ਗੁਰਬਾਣੀ ਦੇ ਸ਼ੁੱਧ ਉਚਾਰਣ ਅਤੇ ਅਰਥਾਂ ਦੀ ਸਿੱਖਿਆ ਪ੍ਰਾਪਤ ਕਰ ਰਹੀਆਂ ਹਨ। ਸੰਥਿਆ ਦੀ ਸੇਵਾ ਹੈਡ ਗ੍ਰੰਥੀ ਭਾਈ ਪ੍ਰੀਤਮ ਸਿੰਘ ਚੱਕਪਖੀ, ਭਾਈ ਇਕਬਾਲ ਸਿੰਘ ਪਿੰਜ਼ੋਰ ਅਤੇ ਭਾਈ ਜਗਦੇਵ ਸਿੰਘ ਦੀ ਅਗਵਾਈ ਹੇਠ ਨਿਰੰਤਰ ਜਾਰੀ ਹੈ। ਇਸ ਤੋਂ ਇਲਾਵਾ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਮਨੁੱਖਤਾ ਦੀ ਭਲਾਈ ਲਈ ਵੱਡੇ ਪੱਧਰ 'ਤੇ ਸੇਵਾ ਕਾਰਜ ਕੀਤੇ ਜਾ ਰਹੇ ਹਨ। ਲੋੜਵੰਦ ਪਰਿਵਾਰਾਂ ਦੀ ਸਹਾਇਤਾ, ਗੁਰੂ ਕਾ ਲੰਗਰ, ਧਾਰਮਿਕ ਅਤੇ ਸਮਾਜਿਕ ਸੇਵਾਵਾਂ ਰਾਹੀਂ ਗੁਰਦੁਆਰਾ ਸਾਹਿਬ ਇਲਾਕੇ ਵਿੱਚ ਸੇਵਾ ਅਤੇ ਸਿਮਰਨ ਦਾ ਕੇਂਦਰ ਬਣਿਆ ਹੋਇਆ ਹੈ। ਪ੍ਰਬੰਧਕਾਂ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਰਬੱਤ ਦੇ ਭਲੇ ਦੇ ਸਿਧਾਂਤ ਨੂੰ ਅਮਲ ਵਿੱਚ ਲਿਆਉਣਾ ਹੀ ਉਨ੍ਹਾਂ ਦਾ ਮੁੱਖ ਉਦੇਸ਼ ਹੈ।

# ਸਰਨਾ ਨੇ ਹਰਦੀਪ ਸਿੰਘ ਪੁਰੀ ਨੂੰ ਅਕਾਲੀ ਵਿਰਾਸਤ ਦੀ ਯਾਦ ਦਿਵਾਈ, ਬੰਦੀ ਸਿੰਘਾਂ ਦੀ ਰਿਹਾਈ ਦੀ ਕੀਤੀ ਮੰਗ



ਨਵੀਂ ਦਿੱਲੀ, 13 ਜੂਨ (ਮਨਪ੍ਰੀਤ ਸਿੰਘ ਖਾਲਸਾ):— ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਬਾਰੇ ਕੀਤੀਆਂ ਟਿੱਪਣੀਆਂ ਦਾ ਜਵਾਬ ਦਿੰਦਿਆਂ ਕਿਹਾ ਕਿ ਪੰਜਾਬ ਦੀ ਰਾਜਨੀਤੀ ਦੇਸ਼ ਦੇ ਹੋਰ ਸੂਬਿਆਂ ਨਾਲੋਂ ਵੱਖਰੀ ਹੈ ਅਤੇ ਅਕਾਲੀ ਦਲ ਦੀ ਵਿਰਾਸਤ ਕੁਰਬਾਨੀਆਂ ਤੇ ਸੰਘਰਸ਼ਾਂ ਨਾਲ ਜੁੜੀ ਹੋਈ ਹੈ। ਸਰਨਾ ਨੇ ਕਿਹਾ ਕਿ ਭਾਵੇਂ ਭਾਜਪਾ ਰਾਸ਼ਟਰੀ ਪੱਧਰ 'ਤੇ "ਵੱਡੇ ਭਰਾ" ਦੀ ਭੂਮਿਕਾ ਵਿੱਚ ਹੋ ਸਕਦੀ ਹੈ, ਪਰ ਪੰਜਾਬ ਦੀ ਰਾਜਨੀਤੀ ਇੱਕ ਵਿਲੱਖਣ ਇਤਿਹਾਸਕ ਅਤੇ ਵਿਚਾਰਧਾਰਕ ਪਿਛੋਕੜ ਰੱਖਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਜੜ੍ਹਾਂ ਧਾਰਮਿਕ ਆਜ਼ਾਦੀ, ਲੋਕਤੰਤਰੀ ਹੱਕਾਂ ਅਤੇ ਪੰਜਾਬ ਦੇ ਹਿੱਤਾਂ ਦੀ ਰੱਖਿਆ ਲਈ ਚੱਲੇ ਅੰਦੋਲਨਾਂ ਵਿੱਚ ਹਨ। ਉਨ੍ਹਾਂ ਦਾਅਵਾ ਕੀਤਾ ਕਿ ਅਕਾਲੀ ਲਹਿਰ ਨੇ ਪਿਛਲੇ ਇੱਕ ਸਦੀ ਦੌਰਾਨ ਬੇਮਿਸਾਲ ਕੁਰਬਾਨੀਆਂ ਦਿੱਤੀਆਂ ਹਨ ਅਤੇ ਅੱਜ ਵੀ ਪੰਜਾਬ ਦੀ ਰਾਜਨੀਤਿਕ ਚੇਤਨਾ ਵਿੱਚ ਇਸ ਦੀ ਡੂੰਘੀ ਪਕੜ ਹੈ। ਸਰਨਾ ਨੇ ਭਾਜਪਾ ਲੀਡਰਸ਼ਿਪ ਨੂੰ ਸਲਾਹ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਭਰੋਸਾ ਬਣਾਉਣ ਲਈ ਸਿਰਫ਼ ਸੰਗਠਨਾਤਮਕ ਤਾਕਤ ਕਾਫ਼ੀ ਨਹੀਂ। ਉਨ੍ਹਾਂ ਕਿਹਾ ਕਿ ਜੇ ਭਾਜਪਾ ਪੰਜਾਬ ਵਿੱਚ ਆਪਣਾ ਸਿਆਸੀ ਆਧਾਰ ਮਜ਼ਬੂਤ ਕਰਨਾ ਚਾਹੁੰਦੀ ਹੈ ਤਾਂ ਉਸ ਨੂੰ ਸਿੱਖ ਭਾਈਚਾਰੇ ਨਾਲ ਜੁੜੇ ਲੰਬੇ ਸਮੇਂ ਤੋਂ ਲਟਕਦੇ ਮੁੱਦਿਆਂ ਦਾ ਹੱਲ ਕਰਨਾ ਚਾਹੀਦਾ ਹੈ। ਸਰਨਾ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨਾਲ ਡੂੰਘਾਈ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਵੱਡੇ ਦਿਲ ਅਤੇ ਸਿਆਣਪ ਦਾ ਪ੍ਰਗਟਾਵਾ ਕਰਦਿਆਂ ਇਸ ਮਸਲੇ ਦਾ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅਜਿਹਾ ਕਦਮ ਪੰਜਾਬ ਵਿੱਚ ਰਾਜਨੀਤਿਕ ਭਰੋਸਾ ਕਾਇਮ ਕਰਨ ਲਈ ਬਿਆਨਬਾਜ਼ੀ ਨਾਲੋਂ ਵੱਧ ਪ੍ਰਭਾਵਸ਼ਾਲੀ ਸਾਬਤ ਹੋ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਖਾਲਸਾ ਇੰਟਰਨੈਸ਼ਨਲ ਸਕੂਲ ਨੂੰ ਆਸਟ੍ਰੇਲੀਅਨ ਮਾਨਤਾ ਮਿਲਣ 'ਤੇ

# ਬਾਬਾ ਹਰਨਾਮ ਸਿੰਘ ਖਾਲਸਾ ਨੇ ਕੀਤਾ ਉਦਘਾਟਨ



**ਚੌਂਕ ਮਹਿਤਾ, 13 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਜਥਾ ਭਿੰਡਰਾ ਮਹਿਤਾ ਦੀ ਸਰਪ੍ਰਸਤੀ ਹੇਠ ਚਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਅੱਜ ਆਈ.ਬੀ.ਐਮ. ਬੋਰਡ ਨਾਲ ਸਥਾਪਿਤ ਖਾਲਸਾ ਇੰਟਰਨੈਸ਼ਨਲ ਸਕੂਲ ਦਾ ਉਦਘਾਟਨ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਵੱਲੋਂ ਆਪਣੇ ਕਰ ਕਮਲਾਂ ਦੇ ਨਾਲ ਕੀਤਾ ਗਿਆ।

ਇਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਸਕੂਲ ਦੀ ਨਵੀਂ ਇਮਾਰਤ ਅਤੇ ਵਿਦਿਅਕ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦੇ ਨਾਲ-ਨਾਲ ਸਿੱਖੀ ਕਦਰਾਂ-ਕੀਮਤਾਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਅਜਿਹੇ ਉਪਰਾਲੇ ਸਮਾਜ ਦੀ ਤਰੱਕੀ ਅਤੇ ਨੌਜਵਾਨ ਪੀੜ੍ਹੀ ਦੇ ਉੱਜਵਲ ਭਵਿੱਖ ਲਈ ਬਹੁਤ ਮਹੱਤਵਪੂਰਨ ਹਨ।

ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਜਿਥੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਅਤੇ ਜੱਥੇਦਾਰ ਬਾਬਾ ਅਜੀਤ ਸਿੰਘ (ਮੁਖੀ ਤਰਨਾ ਦਲ ਮਹਿਤਾ) ਦਾ ਵਿਸ਼ੇਸ਼ ਰੂਪ ਵਿਚ ਸਨਮਾਨ ਕੀਤਾ, ਉਥੇ ਹੀ ਆਏ ਹੋਏ ਮਹਿਮਾਨਾਂ ਦਾ ਵੀ ਧੰਨਵਾਦ ਕੀਤਾ। ਇਸ ਉਦਘਾਟਨ ਸਮਾਰੋਹ ਮੌਕੇ ਸਕੂਲ ਦੇ ਡਾਇਰੈਕਟਰ / ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਦਸ਼ਮੇਸ਼ ਵਿਦਿਅਕ ਸੰਸਥਾਵਾਂ ਦੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਖਾਲਸਾ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਸਮੂਹ ਅਧਿਆਪਕ ਸਾਹਿਬਾਨ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਮੌਜੂਦ ਸਨ।

### ਉਦਘਾਟਨ ਤੋਂ ਬਾਅਦ ਪੰਜ ਮਹੀਨੇ ਬਤੀਤ ਹੋਣ ਤੇ ਪਿੰਡ ਤਾਰਾਗੜ੍ਹ 'ਚ ਖੇਡ ਸਟੇਡੀਅਮ ਦਾ ਕੰਮ ਚਲ ਰਿਹਾ ਕੀੜੀ ਦੀ ਚਾਲ

# ਇੱਟਾਂ ਵਾਪਸ ਲੈ ਜਾਣ ਤੇ ਬਣਿਆ ਚਰਚਾ ਦਾ ਵਿਸ਼ਾ



**ਜੰਡਿਆਲਾ ਗੁਰ 13 ਜੂਨ (ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਵੱਲੋਂ ਯੁੱਧ ਨਸਿਆ ਵਿਰੁੱਧ ਮੁਹਿੰਮ ਦਾ ਆਗਾਜ ਲੰਮੇ ਸਮੇਂ ਤੋਂ ਕੀਤਾ ਗਿਆ ਹੈ ਅਤੇ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਨਸਿਆਂ ਤੋਂ ਛੁਟਕਾਰਾ ਦਿਵਾਉਣ ਲਈ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸਹਿਰਾਂ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾਏ ਜਾ ਰਹੇ ਹੈ ! ਜਿਸ ਦੇ ਚੱਲਦਿਆਂ ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਬਲਾਕ ਜੰਡਿਆਲਾ ਗੁਰੂ ਵਿਖੇ 17 ਜਨਵਰੀ 2026 ਨੂੰ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਵੱਲੋਂ ਖੇਡ ਸਟੇਡੀਅਮ ਦਾ ਉਦਘਾਟਨ ਕੀਤਾ ਗਿਆ ਸੀ ! ਅਤੇ ਖੇਡ ਸਟੇਡੀਅਮ ਦੇ ਉਦਘਾਟਨ ਤੋਂ ਬਾਅਦ ਪਿੰਡ ਵਾਸੀਆਂ ਅਤੇ ਵਿਦੇਸ਼ਾਂ ਵਿੱਚ ਬੈਠੇ ਐਨ ਆਰ ਆਈ ਪਿੰਡ ਵਾਸੀਆਂ ਵੱਲੋਂ ਵੀ ਬਣਾਏ ਜਾ ਰਹੇ ਸਟੇਡੀਅਮ ਦੇ ਕੰਮ ਦੀਆਂ ਤਰੀਫਾਂ ਕੀਤੀਆਂ ਗਈਆਅ ਤੇ ਪਿੰਡ ਦੇ ਨੌਜਵਾਨਾਂ ਵਿੱਚ ਕਾਫੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਸੀ ਲੇਕਿਨ ਲੱਗਭੱਗ ਉਦਘਾਟਨ ਹੋਏ ਨੂੰ ਕਰੀਬ ਪੰਜ ਮਹੀਨੇ ਤੋਂ ਉਪਰ ਦਾ ਸਮਾਂ ਬਤੀਤ ਹੋ ਗਿਆ ਹੈ ਇੱਥੇ ਹੈਰਾਨੀ ਦੀ ਗੱਲ ਹੈ ਕਿ ਪੰਜ ਮਹੀਨਿਆਂ ਦਾ ਸਮਾਂ ਬਤੀਤ ਹੋਣ ਤੋਂ ਬਾਅਦ ਪੁਰਾਣੀ ਬਣੀ ਖੇਡ ਗਰਾਊਂਡ ਵਿੱਚ ਪਾਣੀ ਵਾਲਾ ਬੋਰ ਅਤੇ ਕੁਝ ਫੁਟ ਲਾਈਟਾਂ ਨਜਰ ਆ ਰਹੀਆਂ ਹਨ ਇਸ ਸੰਬੰਧੀ ਜਦੋਂ ਪਿੰਡ ਦੇ ਸਰਪੰਚ ਬੀਬੀ ਜਤਿੰਦਰ ਕੌਰ ਦੇ ਪਤੀ ਜਗਮੋਹਨ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨਾਂ ਦਾ ਕਹਿਣਾ ਸੀ ਕਿ ਖੇਡ ਸਟੇਡੀਅਮ ਦਾ ਕੰਮ ਪੰਚਾਇਤ ਨਹੀਂ ਕਰ ਰਹੀ ਇਹ ਕੰਮ ਬਾਹਰੀ ਠੇਕੇਦਾਰ ਕੋਲੋਂ ਹੋ ਰਿਹਾ ਹੈ ਇਸ ਬਾਰੇ ਜਿਆਦਾ ਜਾਣਕਾਰੀ ਉਹ ਠੇਕੇਦਾਰ ਹੀ ਦੇ ਸਕਦਾ ਹੈ । ਇਥੇ ਗੱਲ ਇਹ ਦੱਸਣਯੋਗ ਹੈ ਕਿ ਇਸ ਖੇਡ ਮੈਦਾਨ ਵਿੱਚ ਫੈਂਸਿੰਗ, ਲੇਡੀਜ਼-ਜੈਂਟਸ ਬਾਥਰੂਮ,ਫੁੱਟ ਲਾਈਟਸ, ਹਾਈ ਮਾਸਟ ਲਾਈਟਸ, ਸਪ੍ਰਿੰਕਲਰ ਸਿਸਟਮ, ਵਾਲੀਬਾਲ ਕੋਰਟ ਅਤੇ ਫੁੱਟਬਾਲ ਗਰਾਊਂਡ ਵਰਗੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾਣੀਆਂ ਹਨ । ਜਦ ਕਿ ਪੰਜ ਮਹੀਨਿਆਂ ਵਿੱਚ ਸਿਰਫ ਇਕ ਬੋਰ ਹੀ ਕੀਤਾ ਗਿਆ ਹੈ ਇਲੈਕਸ਼ਨਾਂ ਦਾ ਸਮਾਂ ਨਜਦੀਕ ਆ ਜਾਵੇਗਾ ਅਤੇ ਚੋਣ ਜਾਬਤਾ ਲੱਗਣ ਤੋਂ ਬਾਅਦ ਇਹ ਕੰਮ ਠੰਡੇ ਬਸਤੇ ਵਿੱਚ ਪੈਣ ਦਾ ਅੰਦਾਜਾ ਲਗਾਇਆ ਜਾ ਰਿਹਾ ਹੈ ! ਕਿਉਕਿ ਪਿੰਡ ਤਾਰਾਗੜ੍ਹ ਵਿੱਚ ਇਹ ਵੀ ਚਰਚਾ ਬਣੀ ਹੋਈ ਹੈ ਕਿ ਖੇਡ ਸਟੇਡੀਅਮ ਦੀ ਇਟ ਵਾਪਸ ਲੈ ਗਏ ਹਨ ਇਹ ਸਟੇਡੀਅਮ ਨਹੀਂ ਬਣਨਾ ! ਇਸ ਸਬੰਧੀ ਜਦੋਂ ਖੇਡ ਸਟੇਡੀਅਮ ਬਣਾ ਰਹੇ ਠੇਕੇਦਾਰ ਦੇ ਮੁਨਸੀ ਵਿਕਰਮਜੀਤ ਸਿੰਘ ਦੇ ਨਾਲ ਗੱਲਬਾਤ ਕੀਤੀ ਗਈ ਤਾਂ ਉਨਾਂ ਨੇ ਕਿਹਾ ਕਿ ਖੇਡ ਸਟੇਡੀਅਮ ਦਾ ਕੰਮ ਸੂਰੂ ਕੀਤਾ ਗਿਆ ਸੀ ਪਾਣੀ ਵਾਲਾ ਬੋਰ ਵੀ ਕੀਤਾ ਗਿਆ ਹੈ ਅਤੇ ਲੈਟਰਿਨ ਬਾਥਰੂਮ ਬਣਾਉਣ ਲਈ ਨੀਹਾਂ ਵੀ ਪੁੱਟੀਆਂ ਗਈਆਂ ਹਨ ਲੇਕਿਨ ਉਸ ਨੂੰ ਸਰਪੰਚ ਸਾਹਬ ਵੱਲੋਂ ਰੋਕ ਦਿੱਤਾ ਗਿਆ ਸਰਪੰਚ ਸਾਹਬ ਕਹਿਣਾ ਸੀ ਕਿ ਇਨਾਂ ਦੀ ਸਾਨੂੰ ਲੋੜ ਨਹੀਂ ਅਤੇ ਜਦੋਂ ਸਟੇਡੀਅਮ ਵਿੱਚੋਂ ਇਟ ਚੁਕਣ ਨੂੰ ਲੈ ਕਿ ਪੁੱਛਿਆ ਗਿਆ ਤਾਂ ਉਨਾਂ ਨੇ ਕਿਹਾ ਕਿ ਇਸੇ ਲਈ ਇਥੋਂ ਇਟ ਚੁਕਾਈ ਗਈ ਹੈ ! ਅਤੇ ਜਲਦ ਹੀ ਕੰਮ ਸੂਰੂ ਕਰ ਦਿੱਤਾ ਜਾਵੇਗਾ ! ਇਸ ਸੰਬੰਧੀ ਜਦੋਂ ਠੇਕੇਦਾਰ ਗੁਨੇਸ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਨਾਂ ਨੇ ਕਿਹਾ ਕਿ ਇੱਟ ਮਹਿੰਗੀ ਹੋਣ ਕਾਰਨ ਕੰਮ ਰੁਕਿਆ ਹੋਇਆ ਹੈ ਅਤੇ ਦੂਸਰਾ ਮੇਰੇ ਪਿਤਾ ਦੇ ਸੱਟ ਲਗ ਗਈ ਸੀ ਅਤੇ ਜਲਦੀ ਹੀ ਇਕ ਹਫਤੇ ਵਿੱਚ ਇਸ ਸਟੇਡੀਅਮ ਦਾ ਕੰਮ ਕੰਪਲੀਟ ਕਰ ਦਿੱਤਾ ਜਾਵੇਗਾ ! ਹੁਣ ਵੇਖਣਾ ਇਹ ਹੋਵੇਗਾ ਕਿ ਪਿੰਡ ਤਾਰਾਗੜ੍ਹ ਦਾ ਖੇਡ ਸਟੇਡੀਅਮ ਕਿੰਨੇ ਸਮੇਂ ਚ ਤਿਆਰ ਕਰਕੇ ਪਿੰਡ ਦੇ ਹਵਾਲੇ ਕੀਤਾ ਜਾਂਦਾ ਹੈ ! ਬਾਕੀ ਖੇਡ ਪ੍ਰੇਮੀਆਂ ਵੱਲੋਂ ਵੱਡੀਆਂ ਲਾਈਟਾਂ ਦੀ ਵੀ ਮੰਗ ਕੀਤੀ ਗਈ ਉਨਾਂ ਦਾ ਕਹਿਣਾ ਹੈ ਕਿ ਗਰਮੀ ਦੇ ਮੌਸਮ ਵਿੱਚ ਰਾਤ ਦੇ ਸਮੇਂ ਗਰਾਊਂਡ ਚ ਖੇਡਣਾ ਲੱਗਦਾ ਸੁਖਾਲਾ!

### ਪਿੰਡ ਦੇ ਸਰਪੰਚ ਸਾਹਬ ਨੇ ਕਿਹਾ ਖੇਡ ਸਟੇਡੀਅਮ 'ਚ ਲੈਟਰੀਨ ਬਾਥਰੂਮ ਦੀ ਲੋੜ ਨਹੀਂ ਤਾਂ ਲਿਜਾਈਆਂ ਗਈਆਂ ਇੱਟਾਂ ਮੁਨਸ਼ੀ

## ਖੇਤੀ ਬਾੜੀ ਦਾ ਸਟੋਰ ਬੰਦ ਕਰਕੇ ਘਰ ਜਾ ਰਹੇ ਨੌਜਵਾਨ ਮਨਜਿੰਦਰ ਸਿੰਘ ਦਾ ਅਣਪਛਾਤੇ ਵਿਅਕਤੀਆ ਵੱਲੋਂ ਗੋਲੀਆਂ ਮਾਰ ਕੇ ਕੀਤਾ ਕਤਲ



**ਜੰਡਿਆਲਾ ਗੁਰੂ 13 ਜੂਨ ( ਕੁਲਵੰਤ ਸਿੰਘ ਵਿਰਦੀ )**-ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਜੱਬੋਵਾਲ ਵਿੱਚ ਬੀਤੀ ਦੇਰ ਰਾਤ ਅਣਪਛਾਤੇ ਹਮਲਾਵਰਾਂ ਵੱਲੋਂ ਇੱਕ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਮ੍ਰਿਤਕ ਦੀ ਪਛਾਣ ਮਨਜਿੰਦਰ ਸਿੰਘ ਵਜੋਂ ਹੋਈ ਹੈ। ਮਨਜਿੰਦਰ ਸਿੰਘ ਕਾਂਗਰਸ ਪਾਰਟੀ ਦਾ ਵਰਕਰ ਸੀ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਡਰ ਅਤੇ ਤਣਾਅ ਦਾ ਮਾਹੌਲ ਬਣ ਗਿਆ ਹੈ। ਮ੍ਰਿਤਕ ਦੇ ਭਰਾ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਸਾਡੀ ਖੇਤੀ ਬਾੜੀ ਦੀ ਦੁਕਾਨ ਹੈ ਅਤੇ ਬੀਤੀ ਰਾਤ 9:55 ਵਜੇ ਮਨਜਿੰਦਰ ਸਿੰਘ ਤੇ ਮੈਂ ਆਪਣੀ ਦੁਕਾਨ ਬੰਦ ਕਰਕੇ ਘਰ ਪਰਤ ਰਹੇ ਸੀ। ਅਤੇ ਜਦੋਂ ਅਸੀਂ ਆਪਣੇ ਆਪਣੇ ਘਰਾਂ ਨੂੰ ਮੁੜਨ ਲੱਗੇ ਤਾਂ ਮੈਂ ਇਸ ਤੋਂ ਪੰਜ ਕੁ ਫੁੱਟ ਦੀ ਦੂਰੀ ਤੇ ਸੀ ਕਿ ਤਾਂ ਇਕ ਦਮ ਸੜਕ 'ਤੇ ਪਹਿਲਾਂ ਹੀ ਉਡੀਕ ਕਰ ਰਹੇ ਅਣਪਛਾਤੇ ਹਮਲਾਵਰਾਂ ਨੇ ਉਸ 'ਤੇ ਗੋਲੀ ਚਲਾ ਦਿੱਤੀ। ਜਦੋਂ ਗੋਲੀ ਚੱਲਣ ਦੀ ਆਵਾਜ ਆਈ ਮੈਂ ਪਿੱਛੇ ਮੁੜ ਕਿ ਵੇਖਿਆ ਕਿ ਮਨਜਿੰਦਰ ਸਿੰਘ ਥੱਲੇ ਸੜਕ ਤੇ ਡਿਗਾ ਪਿਆ ਸੀ। ਅਤੇ ਮੌਕੇ ਤੇ ਹੀ ਉਸ ਦੀ ਮੌਤ ਹੋ ਗਈ ਅਸੀਂ ਪ੍ਰਸ਼ਾਸਨ ਕੋਲੋਂ ਮੰਗ ਕਰਦੇ ਹਾਂ ਕਿ ਦੋਸੀਆਂ ਦੀ ਭਾਲ ਕਿ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ !ਪੁਲੀਸ ਅਨੁਸਾਰ ਮੁੱਢਲੀ ਜਾਂਚ ਵਿੱਚ ਤਿੰਨ ਗੋਲੀਆਂ ਮਨਜਿੰਦਰ ਸਿੰਘ ਦੇ ਲੱਗੀਆਂ ਹਨ੍ਹ ਗੋਲੀਆਂ ਲੱਗਣ ਕਾਰਨ ਗੰਭੀਰ ਜ਼ਖਮੀ ਮਨਜਿੰਦਰ ਸਿੰਘ ਸੜਕ 'ਤੇ ਡਿੱਗ ਪਿਆ। ਘਟਨਾ ਦੀ ਜਾਣਕਾਰੀ ਮਿਲਦੇ ਹੀ ਉਸ ਦੇ ਦੋਸਤ ਤੇ ਪਰਿਵਾਰ ਮੌਕੇ 'ਤੇ ਪਹੁੰਚੇ ਅਤੇ ਉਸ ਨੂੰ ਤੁਰੰਤ ਹਸਪਤਾਲ ਲਿਜਾਣ ਦੀ ਕੋਸ਼ਿਸ਼ ਕੀਤੀ, ਪਰ ਬਹੁਤ ਜ਼ਿਆਦਾ ਖ਼ੂਨ ਵਹਿਣ ਤੇ ਗੰਭੀਰ ਸੱਟਾਂ ਕਾਰਨ ਉਸ ਦੀ ਰਸਤੇ ਵਿੱਚ ਹੀ ਮੌਤ ਹੋ ਗਈ। ਸਾਹਿਬ ਸਿੰਘ ਮਾਨ ਨੇ ਦੱਸਿਆ ਕਿ ਮਨਜਿੰਦਰ ਸਿੰਘ ਦੀ ਇਲਾਕੇ ਵਿੱਚ ਚੰਗੀ ਜਾਣ-ਪਛਾਣ ਸੀ ਅਤੇ ਉਹ ਕਾਂਗਰਸ ਪਾਰਟੀ ਨਾਲ ਸਰਗਰਮੀ ਨਾਲ ਜੁੜਿਆ ਹੋਇਆ ਸੀ। ਉਨ੍ਹਾਂ ਮਾਮਲੇ ਦੀ ਨਿਰਪੱਖ ਤੇ ਤੁਰੰਤ ਜਾਂਚ ਦੀ ਮੰਗ ਕੀਤੀ।ਇਸ ਸਬੰਧ ਵਿੱਚ ਡੀ ਐੱਸ ਪੀ ਜੰਡਿਆਲਾ ਗੁਰੂ ਬਲਜੀਤ ਸਿੰਘ ਨੇ ਦੱਸਿਆ ਕਿ ਪੁਲੀਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਸਾਰੇ ਸੰਭਵ ਪਹਿਲੂਆਂ ਦੀ ਜਾਂਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕਤਲ ਵਿੱਚ ਸ਼ਾਮਲ ਦੋਸ਼ੀਆਂ ਦੀ ਪਛਾਣ ਕਰਕੇ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ ਇਸ ਮੌਕੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ,ਅਵਤਾਰ ਸਿੰਘ ਟੱਕਰ ,ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ, ਦਲੀਪ ਸਿੰਘ ਏਕਲਗੱਡਾ, ਰਵਿੰਦਰ ਸਿੰਘ ਰਵੀ, ਭਾਈ ਰਣਜੀਤ ਖਾਲਸਾ, ਅਮਨਦੀਪ ਸਿੰਘ ਡੱਡੂਆਣਾ, ਜਰਮਨਜੀਤ ਸਿੰਘ ਡੱਡੂਆਣਾ, ਜਥੇਦਾਰ ਬਲਵੰਤ ਸਿੰਘ ਪੰਡੋਰੀ ਆਦਿ ਵਲੋਂ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ ਅਤੇ ਇਨਸਾਫ ਦੀ ਕੀਤੀ ਮੰਗ!

## ਸਾਂਝਾ ਮੁਲਾਜਮ ਮੰਚ ਪੰਜਾਬ ਵਿੱਚ ਸ਼ਾਮਿਲ 60 ਜਥੇਬੰਦੀਆਂ ਵੱਲੋਂ ਮਾਨ ਸਰਕਾਰ ਖਿਲਾ.ਫ ਆਰ ਪਾਰ ਦੀ ਲੜਾਈ ਲੜਨ ਦਾ ਕੀਤਾ ਐਲਾਨ

**ਕਪੂਰਥਲਾ,13 ਜੂਨ (ਮੱਲ੍ਹੀ)**-ਸਾਂਝਾ ਮੁਲਾਜਮ ਮੰਚ ਪੰਜਾਬ ਚ ਸ਼ਾਮਿਲ 65 ਜਥੇਬੰਦੀਆਂ ਦੀ ਅੱਜ ਹੋਈ ਇੱਕ ਅਹਿਮ ਉੱਚ ਪੱਧਰੀ ਮੀਟਿੰਗ ਸੁਖਚੈਨ ਸਿੰਘ ਖਹਿਰਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵਿਚਾਰ ਵਟਾਂਦਰਾ ਕਰਕੇ ਮੀਟਿੰਗ ਦੌਰਾਨ ਆਪਣੀਆਂ ਭਖਦੀਆਂ ਜਾਇਜ਼ ਮੰਗਾਂ ਨੂੰ ਜਾਣਬੁਝ ਕੇ ਲਟਕਾਉਣ ਅਤੇ ਵਾਰ ਵਾਰ ਮੰਗਾਂ ਮੰਨਣ ਦਾ ਭਰੋਸਾ ਦੇ ਕੇ ਮੁਕਰ ਜਾਣ ਵਾਲ਼ੀ ਮਾਨ ਸਰਕਾਰ ਖਿਲਾ.ਫ ਆਰ ਪਾਰ ਦੀ ਲੜਾਈ ਲੜਨ ਦਾ ਐਲਾਨ ਕੀਤਾ ਗਿਆ। ਇਸ ਮੀਟਿੰਗ ਚ ਸਕੱਤਰੇਤ ਅਤੇ ਪੀ ਐਸ ਐਮ ਯੂ ਸਮੇਤ ਬਾਕੀ ਵਿਭਾਗਾਂ ਦੀਆਂ ਜਥੇਬੰਦੀਆਂ ਦੇ ਨਾਲ ਸਿਖਿਆ ਵਿਭਾਗ ਸੰਘਰਸ਼ ਕਮੇਟੀ ਚ ਸਾਮਿਲ ਜਥੇਬੰਦੀਆਂ ਜਿਹਨਾਂ ਵਿੱਚ ਐਲੀਮੈਂਟਰੀ ਟੀਚਰਜ ਯੂਨੀਅਨ ਪੰਜਾਬ (ਰਜਿ) , ਮਾਸਟਰ ਕੇਡਰ ਯੂਨੀਅਨ ਪੰਜਾਬ , ਸਿੱਖਿਆ ਵਿਭਾਗ ਮਨਿਸਟਰੀਅਲ ਸਟਾਫ ਐਸੋਸੀਏਸ਼ਨ ਪੰਜਾਬ , ਲੈਕਚਰਾਰ ਕੇਡਰ ਯੂਨੀਅਨ ਪੰਜਾਬ ਦੇ ਸਾਂਝਾ ਮੁਲਜਾਮ ਮੰਚ ਦੀ ਉੱਚ ਪੱਧਰੀ ਮੀਟਿੰਗ ਵਿੱਚ ਸ਼ਾਮਲ ਅੱਜ ਦੀ ਮੀਟਿੰਗ ਚ ਹਰਜਿੰਦਰ ਪਾਲ ਸਿੰਘ ਪੰਨੂੰ, ਗੁਰਮੀਤ ਸਿੰਘ ਭੁੱਲਰ , ਗੁਰਿੰਦਰ ਸਿੰਘ ਘੁਕੇਵਾਲੀ , ਗੁਰਪ੍ਰੀਤ ਸਿੰਘ ਖੱਟੜਾ , ਹਰਕ੍ਰਿਸ਼ਨ ਸਿੰਘ ਮੋਹਾਲੀ , ਜਨਕਰਾਜ ਮੋਹਾਲੀ, ਜਸਵਿੰਦਰ ਸਿੰਘ ਆਦਿ ਨੇ ਆਖਿਆ ਕਿ ਹੁਣ ਸਮਾਂ ਆ ਗਿਆ ਹੈ ਕਿ "ਆਪ" ਸਰਕਾਰ ਦੀ ਵਾਅਦਾ ਖਿਲਾਫੀ ਦਾ ਮੂੰਹ ਤੋੜ ਜਵਾਬ ਦਿੱਤਾ ਜਾਵੇ ਅਤੇ ਸਰਕਾਰ ਵਿਰੁੱਧ ਤਿੱਖੇ ਸੰਘਰਸ਼ ਦੀ ਰਣਨੀਤੀ ਤਿਆਰ ਕਰਕੇ ਜ਼ੋਰਦਾਰ ਐਕਸ਼ਨ ਕੀਤੇ ਜਾਣ। ਓਹਨਾਂ ਆਖਿਆ ਕਿ ਸਾਂਝਾ ਮੁਲਾਜਮ ਮੰਚ ਦੇ ਪ੍ਰੋਗਰਾਮਾਂ ਚ ਭਰਵੀ ਸ਼ਮੂਲੀਅਤ ਕਰ ਕੇ ਸਰਕਾਰ ਕੋਲ਼ੋਂ ਆਪਣੀਆਂ ਮੰਗਾਂ ਮਨਵਾਈਆਂ ਜਾਣ।ਮੀਟਿੰਗ ਦੌਰਾਨ ਫ਼ੈਸਲਾ ਕੀਤਾ ਗਿਆ ਕਿ " ਆਪ " ਸਰਕਾਰ ਖ਼ਿਲਾਫ਼ ਤਿਖੇ ਸੰਘਰਸ਼ ਦੀ ਰਣਨੀਤੀ ਉਲੀਕੀ ਗਈ ਹੈ . ਜਲਦ ਸਾਂਝਾ ਮੁਲਾਜਮ ਮੰਚ ਵੱਲੋ ਪੂਰੇ ਪੰਜਾਬ ਚ ਪੈਨ ਡਾਊਨ ,ਕੰਪਿਊਟਰ ਬੰਦ ਅਤੇ ਚੱਕਾ ਜਾਮ ਅਤੇ ਜੂਨ ਦੇ ਅਖੀਰਲੇ ਹਫਤੇ ਮਹਾਂਰੈਲੀ ਹੋ ਰਹੀ ਹੈ ਜੋ ਪਿਛਲੀ ਸਰਕਾਰ ਸਮੇ ਪਟਿਆਲਾ ਵਿਖੇ ਮੋਤੀ ਮਹਿਲ ਦੀ ਮਹਾਂਰੈਲੀ ਤੋ ਕਿਤੇ ਵੱਡੀ ਹੋਵੇਗੀ । ਤਾਂ ਜੋ ਸਰਕਾਰ ਨੂੰ ਸਮਾ ਰਹਿੰਦੇ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਲਈ ਮਜ਼ਬੂਰ ਕੀਤਾ ਜਾ ਸਕੇ। ਓਹਨਾਂ ਪੰਜਾਬ ਦੇ ਵੱਖ ਵੱਖ ਸਰਕਾਰੀ ਅਤੇ ਮਾਨਤਾ ਪ੍ਰਾਪਤ ਵਿਭਾਗਾਂ ਵਿੱਚ ਕੰਮ ਕਰਦੇ ਸਾਰੇ ਮੁਲਾਜ਼ਮਾਂ ਨੂੰ ਲੱਕ ਬੰਨ ਕੇ ਸੰਘਰਸ਼ ਵਿਚ ਸ਼ਾਮਿਲ ਹੋਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243